ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 12 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੯ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 16 ਜਨਵਰੀ ਨੂੰ ਹੋਵੇਗੀ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ

**ਅੰਮ੍ਰਿਤਸਰ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 16 ਜਨਵਰੀ ਨੂੰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ ਸਵੇਰੇ 11 ਵਜੇ ਹੋਵੇਗੀ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਪਹਿਲਾਂ 12 ਜਨਵਰੀ ਨੂੰ ਬੁਲਾਈ ਗਈ ਸੀ, ਜੋ ਜ਼ਰੂਰੀ ਰੁਝੇਵਿਆਂ ਕਾਰਨ ਹੁਣ 16 ਜਨਵਰੀ ਨੂੰ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਅਹੁਦੇਦਾਰਾਂ ਤੇ ਅੰਤ੍ਰਿੰਗ ਕਮੇਟੀ ਮੈਂਬਰਾਂ ਨੂੰ ਪਹਿਲਾਂ ਭੇਜੇ ਗਏ ਏਜੰਡੇ ਤਹਿਤ ਰੁਟੀਨ ਅਨੁਸਾਰ ਵਿਚਾਰਾਂ ਕੀਤੀਆਂ ਜਾਣਗੀਆਂ। ਇਸ ਸਬੰਧ ਵਿੱਚ ਅੰਤ੍ਰਿੰਗ ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

## ਠੰਡ ਨੇ ਤੋੜੇ ਰਿਕਾਰਡ

# ਅਗਲੇ 48 ਘੰਟਿਆਂ ਲਈ 'ਰੈੱਡ ਅਲਰਟ'

**ਅੰਮ੍ਰਿਤਸਰ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਗਰੀ 'ਚ ਠੰਡ ਨੇ ਇਸ ਸੀਜ਼ਨ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ ਅਤੇ ਹੁਣ ਆਪਣੀ ਭਿਆਨਕ ਤੀਬਰਤਾ ਦਿਖਾ ਰਹੀ ਹੈ। ਬਰਫ਼ੀਲੇ ਉੱਤਰ-ਪੱਛਮੀ ਹਵਾਵਾਂ ਕਾਰਨ, ਅੰਮ੍ਰਿਤਸਰ 'ਕੋਲਡ ਡੇ' ਦੇ ਪੜਾਅ 'ਤੇ ਪਹੁੰਚ ਗਿਆ ਹੈ। ਸਵੇਰ ਦੀ ਸ਼ੁਰੂਆਤ ਸੰਘਣੀ ਧੁੰਦ ਨਾਲ ਹੋਈ, ਜਿਸ ਨੇ ਨਾ ਸਿਰਫ਼ ਸੜਕਾਂ 'ਤੇ ਆਵਾਜਾਈ ਨੂੰ ਪ੍ਰਭਾਵਿਤ ਕੀਤਾ, ਬਲਕਿ ਰੇਲ ਅਤੇ ਉਡਾਣ ਦੇ ਸਮਾਂ-ਸਾਰਣੀ ਵਿੱਚ ਵੀ ਵਿਘਨ ਪਾਇਆ। ਅੰਮ੍ਰਿਤਸਰ ਨੇ ਸੀਜ਼ਨ ਦੀ ਸਭ ਤੋਂ ਠੰਡੀ ਸਵੇਰ ਦਾ ਅਨੁਭਵ ਕੀਤਾ ਅਤੇ ਅਗਲੇ 48 ਘੰਟਿਆਂ ਲਈ ਇਕ ਹੋਰ ਚਿਤਾਵਨੀ ਜਾਰੀ ਹੈ। ਸ਼ਾਮ 6 ਵਜੇ ਤੋਂ ਬਾਅਦ ਸ਼ਹਿਰ ਦੁਬਾਰਾ ਧੁੰਦ ਦੀ ਚਾਦਰ 'ਚ ਢੱਕਣਾ ਸ਼ੁਰੂ ਹੋ ਗਿਆ। ਜਿਵੇਂ ਹੀ ਪਾਰਾ ਡਿੱਗਿਆ, ਸ਼ਾਮ ਦੇ ਨੇੜੇ ਆਉਂਦੇ ਹੀ ਬਾਜ਼ਾਰ ਸੁੰਨਸਾਨ ਹੋ ਗਏ। ਹਾਲ ਬਾਜ਼ਾਰ, ਲਾਰੈਂਸ ਰੋਡ ਅਤੇ ਕਟੜਾ ਆਹਲੂਵਾਲੀਆ ਵਰਗੇ ਵਿਅਸਤ ਖੇਤਰਾਂ 'ਚ ਵੀ ਘੱਟ ਭੀੜ ਦੇਖੀ ਗਈ। ਸਵੇਰ ਅਤੇ ਸ਼ਾਮ ਨੂੰ ਤੇਜ਼ ਠੰਡ ਨੇ ਜਨਜੀਵਨ ਨੂੰ ਪੂਰੀ ਤਰ੍ਹਾਂ ਨਾਲ ਪ੍ਰਭਾਵਿਤ ਕਰ ਦਿੱਤਾ ਹੈ ਜਦਕਿ ਦਿਨ ਵੇਲੇ ਸੂਰਜ ਨਿਕਲਦਾ ਸੀ, ਇਸ ਨੇ ਥੋੜ੍ਹੀ ਜਿਹੀ ਗਰਮਾਹਟ ਲਿਆਂਦੀ। ਠੰਡੀਆਂ ਹਵਾਵਾਂ ਕਾਰਨ ਦੁਪਹਿਰ ਤੱਕ ਠੰਡ ਜਾਰੀ ਰਹੀ। ਮੌਸਮ ਵਿਭਾਗ ਅਨੁਸਾਰ ਠੰਡ ਦਾ ਕਹਿਰ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ 'ਚ ਸਵੇਰ ਅਤੇ ਸ਼ਾਮ ਦਾ ਤਾਪਮਾਨ ਹੋਰ ਡਿੱਗ ਸਕਦਾ ਹੈ। ਪ੍ਰਸ਼ਾਸਨ ਨੇ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਠੰਡ ਤੋਂ ਆਪਣੇ ਆਪ ਨੂੰ ਬਚਾਉਣ ਲਈ ਢੁਕਵੇਂ ਪ੍ਰਬੰਧ ਕਰਨ ਅਤੇ ਸਵੇਰੇ ਅਤੇ ਸ਼ਾਮ ਨੂੰ ਬਾਹਰ ਜਾਣ ਤੋਂ ਬਚਣ। ਕੁੱਲ ਮਿਲਾ ਕੇ ਅੰਮ੍ਰਿਤਸਰ 'ਚ ਠੰਡ ਨੇ ਸਪੱਸ਼ਟ ਸੰਕੇਤ ਦਿੱਤਾ ਹੈ ਕਿ ਆਉਣ ਵਾਲੇ ਦਿਨ ਹੋਰ ਵੀ ਠੰਡੇ ਹੋਣਗੇ।



## ਪਿੰਡ ਅਲੀਪੁਰ ਵਿਖੇ ਅੰਗੀਠੀ ਕਾਰਨ ਡੇਢ ਸਾਲਾ ਬੱਚੇ ਸਮੇਤ 3 ਦੀ ਮੌਤ

**ਤਰਨ-ਤਾਰਨ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਦੇ ਥਾਣਾ ਹਰੀਕੇ ਦੇ ਪਿੰਡ ਅਲੀਪੁਰ ਵਿਖੇ ਬੀਤੀ ਰਾਤ ਠੰਡ ਬੱਚਣ ਲਈ ਕਮਰੇ ਵਿੱਚ ਬਾਲੀ ਅੰਗੀਠੀ ਇੱਕ ਪਰਿਵਾਰ ਦਾ ਕਾਲ ਬਣਕੇ ਸਾਹਮਣੇ ਆਈ ਹੈ। ਅੰਗੀਠੀ ਤੋਂ ਪੈਂਦਾ ਹੋਈ ਜਹਿਰੀਲੀ ਗੈਸ ਕਾਰਨ ਦਮ ਘੁੱਟਣ ਕਾਰਨ ਪਰਿਵਾਰ ਦੇ ਤਿੰਨ ਜੀਆਂ ਦੀ ਮੌਤ ਹੋ ਗਈ ਹੈ। ਮਰਨ ਵਾਲਿਆਂ ਵਿੱਚ ਪਤੀ-ਪਤਨੀ ਅਤੇ ਉਨ੍ਹਾਂ ਦਾ ਡੇਢ ਮਹੀਨੇ ਦਾ ਬੱਚਾ ਵੀ ਸ਼ਾਮਲ ਹੈ। ਜਾਣਕਾਰੀ ਅਨੁਸਾਰ, ਮ੍ਰਿਤਕਾਂ ਦੀ ਪਹਿਚਾਣ 19 ਸਾਲਾਂ ਅਰਸ਼ਦੀਪ ਸਿੰਘ ਉਸਦੀ ਪਤਨੀ ਜਸ਼ਨਦੀਪ ਕੋਰ ਅਤੇ ਡੇਢ ਸਾਲਾਂ ਬੱਚਾ ਗੁਰਬਾਜ਼ ਸਿੰਘ ਵੱਜੋਂ ਹੋਈ ਹੈ। ਮ੍ਰਿਤਕ ਦੇ ਪਿਤਾ ਨੇ ਦੱਸਿਆ ਕਿ ਉਹ ਰਾਤ ਕਮਰੇ ਵਿੱਚ ਅੰਗੀਠੀ ਬਾਲ ਕੇ ਸੁੱਤੇ ਸਨ, ਜਿਸ ਕਾਰਨ ਦਮ ਘੁੱਟਣ ਕਾਰਨ ਉਸਦੇ ਨੂੰਹ-ਪੁੱਤ ਅਤੇ ਪੋਤਰੇ ਦੀ ਮੌਤ ਹੋ ਗਈ ਹੈ। ਜਦਕਿ ਉਸਦੇ ਮੁੰਡੇ ਅਰਸ਼ਦੀਪ ਸਿੰਘ ਦਾ ਸਾਲਾ, ਜੋ ਉਨ੍ਹਾਂ ਨੂੰ ਮਿਲਣ ਆਇਆ ਸੀ ਉਹ ਦਮ ਘੁੱਟਣ ਕਾਰਨ ਬੇਹੋਸ਼ ਹੋ ਗਿਆ ਹੈ, ਜਿਸ ਨੂੰ ਇਲਾਜ ਲਈ ਹਸਪਤਾਲ ਭੇਜਿਆ ਗਿਆ ਹੈ। ਮ੍ਰਿਤਕ ਦੇ ਪਿਤਾ ਨੇ ਕਿਹਾ ਕਿ ਉਹ ਕੋਈ ਕਾਨੂੰਨੀ ਕਾਰਵਾਈ ਨਹੀਂ ਕਰਵਾਉਣਾ ਚਾਹੁੰਦੇ ਹਨ। ਉਧਰ, ਮੌਕੇ 'ਤੇ ਪਹੁੰਚੇ ਥਾਣਾ ਹਰੀਕੇ ਦੇ ਮੁਖੀ ਬਲਬੀਰ ਸਿੰਘ ਨੇ ਕਿਹਾ ਕਿ ਪਰਿਵਾਰ ਕਿਸੇ ਵੀ ਪ੍ਰਕਾਰ ਦੀ ਕੋਈ ਵੀ ਕਾਨੂੰਨੀ ਕਾਰਵਾਈ ਨਹੀਂ ਕਰਵਾਉਣਾ ਚਾਹੁੰਦਾ ਹੈ।



## ਸਿਆਸਤ 'ਚ ਵੱਡੀ ਹਲਚਲ ! ਚੰਡੀਗੜ੍ਹ 'ਚ ਭਾਜਪਾ ਕੌਂਸਲਰ ਦੀ ਭਾਬੀ ਗ੍ਰਿਫ਼ਤਾਰ

**ਚੰਡੀਗੜ੍ਹ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਵਿੱਚ 29 ਜਨਵਰੀ ਨੂੰ ਹੋਣ ਵਾਲੀਆਂ ਮੇਅਰ ਚੋਣਾਂ ਤੋਂ ਪਹਿਲਾਂ ਸਿਆਸੀ ਮਾਹੌਲ ਪੂਰੀ ਤਰ੍ਹਾਂ ਭੱਖ ਗਿਆ ਹੈ। ਪੰਜਾਬ ਪੁਲਸ ਨੇ ਐਤਵਾਰ ਤੜਕੇ ਇਕ ਵੱਡੀ ਕਾਰਵਾਈ ਕਰਦਿਆਂ ਵਾਰਡ ਨੰਬਰ-4 ਤੋਂ ਭਾਜਪਾ ਕੌਂਸਲਰ ਸੁਮਨ ਦੇਵੀ ਦੀ ਭਾਬੀ ਨੂੰ ਗ੍ਰਿਫ਼ਤਾਰ ਕਰ ਲਿਆ। ਇਹ ਗ੍ਰਿਫ਼ਤਾਰੀ ਮੋਹਾਲੀ ਦੇ ਸੋਹਾਣਾ ਥਾਣੇ ਦੀ ਪੁਲਸ ਵੱਲੋਂ ਆਈ. ਟੀ. ਪਾਰਕ ਇਲਾਕੇ ਤੋਂ ਕੀਤੀ ਗਈ ਹੈ।ਭਾਜਪਾ ਆਗੂਆਂ ਨੇ ਇਸ ਕਾਰਵਾਈ ਨੂੰ ਸਿਰੇ ਦੀ 'ਗੁੰਡਾਗਰਦੀ' ਅਤੇ ਸਿਆਸੀ ਬਦਲਾਖੋਰੀ ਕਰਾਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਕੌਂਸਲਰ ਸੁਮਨ ਦੇਵੀ ਨੇ ਕੁਝ ਦਿਨ ਪਹਿਲਾਂ ਹੀ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਜਪਾ ਦਾ ਪੱਲਾ ਫੜਿਆ ਸੀ। ਪਰਿਵਾਰ ਦਾ ਦੋਸ਼ ਹੈ ਕਿ ਪੁਲਸ ਨੇ ਤੜਕੇ ਘਰ ਵਿੱਚ ਦਾਖ਼ਲ ਹੋ ਕੇ ਇਹ ਗ੍ਰਿਫ਼ਤਾਰੀ ਕੀਤੀ ਅਤੇ ਇਸ ਦਾ ਕੋਈ ਕਾਰਨ ਵੀ ਨਹੀਂ ਦੱਸਿਆ ਗਿਆ। ਐਤਵਾਰ ਸਵੇਰੇ ਤੜਕੇ ਸੁਹਾਣਾ ਥਾਣਾ ਮੋਹਾਲੀ ਦੀ ਪੁਲਸ ਟੀਮ ਚੰਡੀਗੜ੍ਹ ਦੇ ਆਈ. ਟੀ. ਪਾਰਕ ਪਹੁੰਚੀ। ਪੁਲਸ ਨੇ ਪਹਿਲਾਂ ਆਈ. ਟੀ. ਪਾਰਕ ਪੁਲਸ ਸਟੇਸ਼ਨ ਵਿੱਚ ਮਾਮਲੇ ਸਬੰਧੀ ਪੂਰੀ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਭਾਜਪਾ ਪਾਰਸ਼ਦ ਸੁਮਨ ਦੇਵੀ ਦੀ ਭਾਬੀ ਨੂੰ ਗ੍ਰਿਫ਼ਤਾਰ ਕਰਕੇ ਆਪਣੇ ਨਾਲ ਮੋਹਾਲੀ ਲੈ ਗਈ। ਇਸ ਗ੍ਰਿਫਤਾਰੀ ਦੀ ਖ਼ਬਰ ਮਿਲਦਿਆਂ ਹੀ ਚੰਡੀਗੜ੍ਹ ਭਾਜਪਾ ਦੇ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ ਸਮੇਤ ਕਈ ਕੌਂਸਲਰ ਮਨੀਮਾਜਰਾ ਪੁਲਸ ਸਟੇਸ਼ਨ ਦੇ ਬਾਹਰ ਇਕੱਠੇ ਹੋ ਗਏ ਅਤੇ ਪੰਜਾਬ ਦੀ 'ਆਪ' ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਭਾਜਪਾ ਪ੍ਰਧਾਨ ਨੇ ਕਿਹਾ ਕਿ ਇਹ ਕਾਰਵਾਈ ਲੋਕਤੰਤਰ ਦੇ ਖ਼ਿਲਾਫ਼ ਹੈ ਅਤੇ ਮੇਅਰ ਚੋਣਾਂ ਤੋਂ ਪਹਿਲਾਂ ਵਿਰੋਧੀ ਧਿਰ ਦੇ ਆਗੂਆਂ ਨੂੰ ਡਰਾਉਣ ਅਤੇ ਦਬਾਅ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਚੰਡੀਗੜ੍ਹ ਨਗਰ ਨਿਗਮ ਵਿੱਚ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਲਈ 29 ਜਨਵਰੀ ਨੂੰ ਵੋਟਿੰਗ ਹੋਵੇਗੀ। 'ਆਪ' ਦੇ ਦੋ ਕੌਂਸਲਰਾਂ (ਸੁਮਨ ਅਤੇ ਪੂਨਮ) ਦੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਭਾਜਪਾ ਕੋਲ ਹੁਣ 18 ਵੋਟਾਂ ਹੋ ਗਈਆਂ ਹਨ। ਦੂਜੇ ਪਾਸੇ ਆਮ ਆਦਮੀ ਪਾਰਟੀ ਅਤੇ ਕਾਂਗਰਸ ਦਾ ਗਠਜੋੜ ਟੁੱਟ ਚੁੱਕਾ ਹੈ, ਜਿਸ ਕਾਰਨ ਭਾਜਪਾ ਦੀ ਜਿੱਤ ਦੀਆਂ ਸੰਭਾਵਨਾਵਾਂ ਮਜ਼ਬੂਤ ਮੰਨੀਆਂ ਜਾ ਰਹੀਆਂ ਹਨ। ਨਿਗਮ ਵਿੱਚ ਕੁੱਲ੍ਹ 35 ਕੌਂਸਲਰ ਅਤੇ ਇਕ ਸੰਸਦ ਮੈਂਬਰ ਦੀ ਵੋਟ ਹੁੰਦੀ ਹੈ। ਸੂਤਰਾਂ ਅਨੁਸਾਰ 'ਆਪ' ਨੂੰ ਆਪਣੇ ਹੋਰ ਕੌਂਸਲਰਾਂ ਦੇ ਪਾਰਟੀ ਛੱਡਣ ਦਾ ਡਰ ਸੀ, ਜਿਸ ਕਾਰਨ ਉਨ੍ਹਾਂ ਨੇ ਕਾਂਗਰਸ ਤੋਂ ਵੱਖ ਹੋਣ ਦਾ ਫ਼ੈਸਲਾ ਲਿਆ। ਇਸ ਤੋਂ ਇਲਾਵਾ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਅਤੇ ਮੋਹਾਲੀ ਨਗਰ ਨਿਗਮ ਦੀਆਂ ਚੋਣਾਂ ਦੇ ਮੱਦੇਨਜ਼ਰ ਵੀ 'ਆਪ' ਲਈ ਕਾਂਗਰਸ ਨਾਲ ਗਠਜੋੜ ਰੱਖਣਾ ਮੁਸ਼ਕਿਲ ਹੋ ਰਿਹਾ ਸੀ। ਪੁਲਸ ਅਧਿਕਾਰੀ ਫਿਲਹਾਲ ਇਸ ਮਾਮਲੇ 'ਤੇ ਚੁੱਪੀ ਸਾਧੇ ਹੋਏ ਹਨ ਅਤੇ ਅਗਲੀ ਜਾਂਚ ਜਾਰੀ ਹੈ।



## ਨਿਊਜ਼ੀਲੈਂਡ 'ਚ ਫਿਰ ਰੋਕਿਆ ਨਗਰ ਕੀਰਤਨ, ਬੈਨਰ ਦਿਖਾ ਕੀਤਾ ਵਿਰੋਧ

# 'ਇਹ ਨਿਊਜ਼ੀਲੈਂਡ ਹੈ, ਇੰਡੀਆ ਨਹੀਂ'

**ਨਿਊਜ਼ੀਲੈਂਡ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਨਿਊਜ਼ੀਲੈਂਡ ਤੋਂ ਮੁੜ ਤੋਂ ਮੰਦਭਾਗੀ ਖਬਰ ਸਾਹਮਣੇ ਆਈ ਹੈ। ਜਿੱਥੇ ਮੁੜ ਤੋਂ ਨਗਰ ਕੀਰਤਨ ਨੂੰ ਰੋਕਿਆ ਗਿਆ ਹੈ। ਸਥਾਨਕ ਲੋਕਾਂ ਨੇ ਇਥੇ ਨਗਰ ਕੀਰਤਨ ਵਿਚ ਫਿਰ ਤੋਂ ਖਲਲ ਪਾਉਣ ਦੀ ਕੋਸ਼ਿਸ਼ ਕੀਤੀ। ਇਹ ਮਾਓਰੀ ਲੋਕ ਪਹਿਲਾਂ ਦੀ ਤਰ੍ਹਾਂ ਨੀਲੇ ਰੰਗ ਦੇ ਕੱਪੜੇ ਅਤੇ ਬੈਨਰ ਲੈ ਕੇ ਆਏ ਅਤੇ ਸਾਹਮਣੇ-ਹਾਕਾ ਕੀਤਾ ਅਤੇ ਚਲੇ ਗਏ। ਉਨ੍ਹਾਂ ਦੇ ਹੱਥਾਂ ਵਿੱਚ ਬੈਨਰ ਸਨ ਜਿਸ ਉੱਤੇ ਲਿਖਿਆ ਗਿਆ ਸੀ "ਇਹ ਨਿਊਜ਼ੀਲੈਂਡ ਹੈ, ਭਾਰਤ ਨਹੀਂ।" ਗੁਰਦੁਆਰਾ ਸਿੱਖ ਸੰਗਤ ਟੌਰੰਗਾ ਸਿਟੀ ਤੋਂ ਸਜਿਆ ਕੀਰਤਨ ਜਦੋਂ ਪਹਿਲੇ ਪੜਾਅ ਤੋਂ ਬਾਅਦ ਅੱਗੇ ਵਧਿਆ ਤਾਂ ਪਤਾ ਲੱਗਾ ਕਿ ਵਾਪਸੀ ਵਾਲੇ ਰਾਹ ਉਤੇ ਉਹੀ ਸ਼ਰਾਰਤੀ ਅਨਸਰ ਜਿਨ੍ਹਾਂ ਨੇ ਪਹਿਲਾਂ ਔਕਲੈਂਡ ਵਿਖੇ ਨਗਰ ਕੀਰਤਨ ਦੇ ਵਿਚ ਖਲਲ ਪਾਇਆ ਸੀ ਇਕੱਤਰ ਹੋਏ ਹਨ ਤਾਂ ਪੁਲਿਸ ਨੇ ਨਗਰ ਕੀਰਤਨ ਦਾ ਰੂਟ ਬਦਲਣ ਦੀ ਸਲਾਹ ਦਿੱਤੀ। ਪੁਲਿਸ ਨੇ ਆਪਣੀ ਲਾਈਨ ਬਣਾ ਲਈ ਅਤੇ ਹੋਰ ਸੰਗਤ ਵੀ ਸੁਚੇਤ ਹੋ ਗਈ ਸੀ। ਕੁਝ ਮਿੰਟਾ ਦਾ ਹਾਕਾ ਕਰਕੇ ਉਹ ਖਿਸਕ ਗਏ ਅਤੇ ਨਗਰ ਕੀਰਤਨ ਸਫਲਤਾ ਪੂਰਵਕ ਗੁਰਦੁਆਰਾ ਸਾਹਿਬ ਬਿਨਾਂ ਕਿਸੇ ਬੇਅਦਬੀ ਦੇ ਪਹੁੰਚ ਗਿਆ। ਸਿੱਖ ਕੌਂਸਿਲ ਆਫ ਨਿਊਜ਼ੀਲੈਂਡ ਦੇ ਮੈਂਬਰਾਂ ਨੇ ਦੱਸਿਆ ਕਿ ਇਹ ਔਕਲੈਂਡ ਦੇ ਮੁਕਾਬਲੇ ਬਿਲਕੁਲ ਨਾ ਮਾਤਰ ਖਲਲ ਸੀ। ਸਮੂਹ ਸੰਗਤ ਬੜੇ ਆਰਾਮ ਨਾਲ ਵਾਪਿਸ ਪਹੁੰਚੀ। ਹਾਕਾ ਕਰਕੇ ਨੌਜਵਾਨ ਚਲੇ ਗਏ। ਪੁਲਿਸ ਨੇ ਸੰਜਮ ਦੇ ਨਾਲ ਸਾਰੀ ਸਥਿਤੀ ਨੂੰ ਕਾਬੂ ਕੀਤਾ। ਦੱਸ ਦਈਏ 21 ਦਸੰਬਰ 2025 ਦੇ ਪਹਿਲੀ ਵਾਰ ਅਜਿਹੀ ਘਟਨਾ ਸਾਹਮਣੇ ਆਈ ਸੀ। ਜਦੋਂ ਸਿੱਖ ਭਾਈਚਾਰੇ ਵੱਲੋਂ ਨਗਰ ਕੀਰਤਨ ਕੱਢਿਆ ਜਾ ਰਿਹਾ ਸੀ ਤਾਂ 30-35 ਲੋਕਾਂ ਦਾ ਸਥਾਨਕ ਗਰੁੱਪ ਉੱਥੇ ਪਹੁੰਚ ਗਿਆ ਸੀ, ਜਿਨ੍ਹਾਂ ਵੱਲੋਂ ਨਾਅਰੇ ਲਗਾਏ ਅਤੇ ਹਾਕਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੇ ਹੱਥਾਂ ਵਿੱਚ ਬੈਨਰ ਵੀ ਸਨ।



**ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ ਨਿੰਦਾ :** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਊਜੀਲੈਂਡ ਅੰਦਰ ਸਿੱਖਾਂ ਵੱਲੋਂ ਸ਼ਾਂਤੀਪੂਰਵਕ ਅਤੇ ਧਾਰਮਿਕ ਮਰਿਆਦਾ ਅਨੁਸਾਰ ਸਜਾਏ ਗਏ ਨਗਰ ਕੀਰਤਨ ਦਾ ਸਥਾਨਕ ਕੁਝ ਲੋਕਾਂ ਵੱਲੋਂ ਇੱਕ ਵਾਰ ਫਿਰ ਵਿਰੋਧ ਕੀਤੇ ਜਾਣ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਨਿਊਜੀਲੈਂਡ ਅੰਦਰ ਅਜਿਹਾ ਦੂਜੀ ਵਾਰ ਹੋਇਆ ਹੈ, ਜਿਸ ਨੇ ਸਿੱਖ ਸੰਗਤਾਂ ਨੂੰ ਨਿਰਾਸ਼ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਵਿਸ਼ਵ ਭਾਈਚਾਰੇ ਦੀ ਮਜਬੂਤੀ ਲਈ ਆਪਣਾ ਮਿਸਾਲੀ ਯੋਗਦਾਨ ਪਾਉਣ ਵਾਲੇ ਸਿੱਖ ਭਾਈਚਾਰੇ ਦੀਆਂ ਧਾਰਮਿਕ ਰਵਾਇਤਾਂ ਨੂੰ ਨਫ਼ਰਤੀ ਨਜ਼ਰੀਏ ਨਾਲ ਦੇਖਿਆ ਜਾਣਾ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਸਿੱਖ ਧਰਮ ਦੀ ਇੱਕ ਪਵਿੱਤਰ ਧਾਰਮਿਕ ਪਰੰਪਰਾ ਹੈ ਜਿਸ ਦਾ ਵਿਰੋਧ ਸਿੱਖ ਧਰਮ ਦੀਆਂ ਮਾਨਵ ਹਿਤੈਸ਼ੀ ਕਦਰਾਂ ਕੀਮਤਾਂ ਦੇ ਨਾਲ ਨਾਲ ਸਮਾਜ ਦੀ ਆਪਸੀ ਸਾਂਝ ਲਈ ਵੀ ਚੁਣੌਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਹਰ ਦੇਸ਼ ਅੰਦਰ ਵਸਦਾ ਸਿੱਖ ਭਾਈਚਾਰਾ ਸਦਾ ਹੀ ਸਥਾਨਕ ਲੋਕਾਂ ਨਾਲ ਰਲ ਮਿਲ ਕੇ ਰਹਿੰਦਾ ਹੈ ਅਤੇ ਉਥੋਂ ਦੇ ਕਾਨੂੰਨਾਂ ਅਤੇ ਸਥਾਨਕ ਸਭਿਆਚਾਰ ਦਾ ਪੂਰਾ ਸਤਿਕਾਰ ਕਰਦਾ ਆਇਆ ਹੈ।

## ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸੰਧਵਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤਾ ਜਾਵੇ ਤਲਬ: ਖਹਿਰਾ

**ਭੁਲੱਥ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭੁਲੱਥ ਤੋਂ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਇਕ ਮਜ਼ਬੂਤ ਅਤੇ ਗੰਭੀਰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਵੱਲੋਂ ਆਸਥਾ, ਭਰੋਸੇ ਅਤੇ ਇੰਨਸਾਫ ਨਾਲ ਕੀਤੀ ਗਈ ਗੱਦਾਰੀ ਦਾ ਤੁਰੰਤ ਸੰਗਿਆਨ ਲਿਆ ਜਾਵੇ। ਖਹਿਰਾ ਨੇ ਜਥੇਦਾਰ ਸਾਹਿਬ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਤਲਬ ਕਰਨ, ਜਿਨ੍ਹਾਂ ਨੇ ਅਹੁਦਾ ਸੰਭਾਲਣ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਾਹਮਣੇ ਸਹੁੰ ਖਾ ਕੇ ਲੋਕਾਂ ਨੂੰ ਭਰੋਸਾ ਦਿੱਤਾ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਅਤੇ ਬਹਿਬਲ ਕਲਾਂ ਪੁਲਸ ਗੋਲੀਕਾਂਡ ਵਿਚ ਡੇਢ ਮਹੀਨੇ ਦੇ ਅੰਦਰ ਇੰਨਸਾਫ਼ ਦਿੱਤਾ ਜਾਵੇਗਾ, ਨਹੀਂ ਤਾਂ ਉਹ ਆਪਣੇ ਆਪ ਨੂੰ ਸਦੀਵੀ ਗੁਰੂ ਆਪਣੀ ਆਖ਼ਰੀ "ਸਰਕਾਰ" ਅੱਗੇ ਸਮਰਪਿਤ ਕਰਨਗੇ। ਖਹਿਰਾ ਨੇ ਕਿਹਾ ਕਿ ਤਿੰਨ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਨਾ ਤਾਂ ਇਨਸਾਫ਼ ਮਿਲਿਆ ਹੈ ਅਤੇ ਨਾ ਹੀ ਸਪੀਕਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਚੁੱਕੀ ਆਪਣੀ ਪਵਿੱਤਰ ਸਹੁੰ ਨੂੰ ਨਿਭਾਇਆ ਹੈ। ਇਹ ਗੁਰੂ ਸਾਹਿਬ ਅੱਗੇ ਝੂਠੀ ਸਹੁੰ ਖਾਣ ਦੇ ਬਰਾਬਰ ਹੈ, ਜੋ ਕਿ ਅਤਿ ਗੰਭੀਰ ਧਾਰਮਿਕ ਮਸਲਾ ਹੈ ਅਤੇ ਇਸ ਦੀ ਜਾਂਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਣੀ ਲਾਜ਼ਮੀ ਹੈ। ਖਹਿਰਾ ਨੇ ਇਹ ਵੀ ਮੰਗ ਕੀਤੀ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਬੇਅਦਬੀ ਅਤੇ ਬਹਿਬਲ ਕਲਾਂ ਮਾਮਲਿਆਂ ਵਿੱਚ ਉਨ੍ਹਾਂ ਦੀ ਲਗਾਤਾਰ, ਅਸਪੱਸ਼ਟ ਚੁੱਪੀ ਅਤੇ ਦੇਰੀ ਲਈ ਸਵਾਲਾਂ ਦੇ ਘੇਰੇ ਵਿਚ ਲਿਆਂਦਾ ਜਾਵੇ। ਉਨ੍ਹਾਂ ਨੇ ਧਿਆਨ ਦਿਵਾਇਆ ਕਿ ਡੇਰਾ ਸੱਚਾ ਸੌਦਾ ਦੇ ਪ੍ਰੇਮੀ ਪ੍ਰਦੀਪ ਕਲੇਰ ਨੇ ਅਦਾਲਤ ਵਿੱਚ ਸਪਸ਼ਟ ਤੌਰ 'ਤੇ ਕਬੂਲਿਆ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਾਰੀਆਂ ਬੇਅਦਬੀਆਂ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਦੇ ਇਸ਼ਾਰਿਆਂ 'ਤੇ ਕੀਤੀਆਂ ਗਈਆਂ। ਖਹਿਰਾ ਨੇ ਕਿਹਾ ਕਿ ਇਸ ਅਦਾਲਤੀ ਕਬੂਲੀਅਤ ਦੇ ਬਾਵਜੂਦ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅਜੇ ਤੱਕ ਰਾਮ ਰਹੀਮ ਨੂੰ ਇਕ ਵਾਰ ਵੀ ਪੁੱਛਗਿੱਛ ਲਈ ਤਲਬ ਕਰਨ ਦੀ ਹਿੰਮਤ ਨਹੀਂ ਕੀਤੀ।








## ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

**ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ**

**ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)**

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ
# ਖ਼ਾਲਸਾ ਮੈਮੋਰੀਅਲ ਹਸਪਤਾਲ



## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।

+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

0784 102 9416

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

**Dental Implants**
**Dental Laset**
**Tooth Coloured Braces**
**Digital IOPA x-ray**
**Digital OPG x-ray**

## DR. KAMALJIT SAROA

**B.D.S., Dental Surgeon**
**Moti Nagar, Near Railway Crossing, Maqsudan**
**Jalandhar-144 008**

**Contact :**

**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

**-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'**

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥

# ਗੁਰਦੁਆਰਾ ਬਾਬਾ ਸੰਗ ਜੀ ਹਾਈ ਸਟਰੀਟ ਸਮੈਦਿਕ ਬਰਮਿੰਘਮ ਇੰਗਲੈਂਡ

ਵਿਖੇ ਮਾਘੀ ਦੇ ਇਤਿਹਾਸਿਕ ਦਿਨ ਟੁੱਟੀ ਗੰਢੀ ਦਿਹਾੜੇ ਤੇ ਮੁਕਤਸਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਇੰਟਰਨੈਸ਼ਨਲ ਪੰਥਕ ਦਲ ਯੂ. ਕੇ. (ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ) ਵੱਲੋਂ

# ਧਾਰਮਿਕ ਸ਼ਹੀਦੀ ਸਮਾਗਮ

## 18 ਜਨਵਰੀ, 2026 (ਦਿਨ ਐਤਵਾਰ)




### ਗੁਰੂ ਪਿਆਰੀ ਸਾਧ ਸੰਗਤ ਜੀਓ,

ਜਿਸ ਤਰ੍ਹਾਂ ਆਪ ਜੀ ਭਲੀ ਭਾਂਤ ਜਾਣਦੇ ਹੋ ਕਿ ਸਿੱਖ ਇਤਿਹਾਸ ਵਿੱਚ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ਨੂੰ ਵਿਲੱਖਣ ਮਹੱਤਤਾ ਪ੍ਰਾਪਤ ਹੈ। ਇੱਥੇ ਭਾਈ ਮਹਾ ਸਿੰਘ ਜੀ ਦੀ ਅਗਵਾਈ ਹੇਠ ਉਹ ਸਿੰਘ, ਜੋ ਆਨੰਦਪੁਰ ਸਾਹਿਬ ਦੀ ਘੇਰਾਬੰਦੀ ਦੌਰਾਨ ਬੇਦਾਵਾ ਦੇ ਕੇ ਚਲੇ ਗਏ ਸਨ, ਮਾਤਾ ਭਾਗ ਕੌਰ ਜੀ ਦੀ ਪ੍ਰੇਰਣਾ ਨਾਲ ਪਸ਼ਚਾਤਾਪ ਕਰਦੇ ਹੋਏ ਮੁੜ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਰਨ ਵਿੱਚ ਆਏ। ਮੁਕਤਸਰ ਦੀ ਜੰਗ ਵਿੱਚ ਚਾਲੀ ਸਿੰਘਾਂ ਨੇ ਅਦੁੱਤੀ ਬਹਾਦਰੀ ਦਾ ਪ੍ਰਗਟਾਵਾ ਕਰਦੇ ਹੋਏ ਸ਼ਹਾਦਤਾਂ ਪ੍ਰਾਪਤ ਕਰਕੇ ਗੁਰੂ ਨਾਲੋਂ ਟੁੱਟੀ ਗੰਢੀ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਦੇਖ ਕੇ ਬੇਦਾਵਾ ਪਾੜ ਦਿੱਤਾ ਅਤੇ ਉਨ੍ਹਾਂ ਨੂੰ "ਚਾਲੀ ਮੁਕਤਿਆਂ" ਖਿਤਾਬ ਬਖ਼ਸ਼ਿਆ।

ਇਹ ਪਾਵਨ ਸ਼ਹਾਦਤ ਅੱਜ ਵੀ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਜੇ ਅਸੀਂ ਅਣਜਾਣੇ ਵਿੱਚ ਕਦੇ ਗੁਰੂ ਤੋਂ ਬੇਦਾਵਾ ਦੇ ਬੈਠੇ ਹਾਂ, ਤਾਂ ਗੁਰੂ ਦੇ ਚਰਨਾਂ ਵਿੱਚ ਆ ਕੇ ਆਪਣੇ ਜੀਵਨ ਦਾ ਬੇਦਾਵਾ ਆਪ ਹੀ ਪਾੜੀਏ ਅਤੇ ਗੁਰੂ ਨਾਲ ਪ੍ਰੀਤ ਨਿਭਾਉਣ ਦੀ ਅਰਦਾਸ ਕਰੀਏ।

### ⋆ ਪ੍ਰੋਗਰਾਮ ⋆

ਆਰੰਭ ਸ੍ਰੀ ਅਖੰਡ ਪਾਠ ਸਾਹਿਬ 16 ਜਨਵਰੀ 2026 ਦਿਨ ਸ਼ੁਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ 18 ਜਨਵਰੀ 2026 ਦਿਨ ਐਤਵਾਰ ਸਵੇਰੇ 10 ਵਜੇ
*********************

ਭੋਗ ਤੋਂ ਉਪਰੰਤ ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ ਪੰਛੀ ਭਰਾਵਾਂ ਦੀ ਜੋੜੀ, ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ


ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ



ਕੀਰਤਨੀ ਜਥਾ, ਭਾਈ ਬਲਵੰਤ ਸਿੰਘ ਜੀ, ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ, ਪੰਛੀ ਭਰਾਵਾਂ ਦੀ ਜੋੜੀ


ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ



### ⋆ ਗੁਰੂ ਪੰਥ ਦੇ ਸੇਵਾਦਾਰ ⋆

## ਇੰਟਰਨੈਸ਼ਨਲ ਪੰਥਕ ਦਲ ਯੂ. ਕੇ.

(ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ)

ਵਧੇਰੇ ਜਾਣਕਾਰੀ ਲਈ →

ਭਾਈ ਰਘਵੀਰ ਸਿੰਘ ਵਾਲਸਾਲ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ, ਮੋ.: +44 7976210161
ਭਾਈ ਕਪਤਾਨ ਸਿੰਘ, ਜਨਰਲ ਸਕੱਤਰ ਤੇ ਮੁੱਖ ਬੁਲਾਰਾ, ਇੰਟਰਨੈਸ਼ਨਲ ਪੰਥਕ ਦਲ ਯੂਕੇ, +44 7788283485
ਭਾਈ ਰਘਵੀਰ ਸਿੰਘ ਬੀਰ੍ਹਾ, ਸੀਨੀਅਰ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ ਅਤੇ (ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਸੰਗ ਜੀ) +44 7930908368

**Address: GURDWARA BABA SANG JI**
**9 St Paul's Rd, Smethwick Birmingham B66 1EE**




ਲਾਡੀ ਸੁਰੋਪੱਡਾ ਨੂੰ

# ਟਰੇਡ ਕਮਿਸ਼ਨ ਦਾ ਮੈਂਬਰ ਬਨਾਉਣ 'ਤੇ ਖੁਸ਼ੀ ਦਾ ਇਜ਼ਹਾਰ



**ਚੌਕ ਮਹਿਤਾ, 11 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਆਮ ਆਦਮੀ ਪਾਰਟੀ ਵੱਲੋਂ ਐਕਸਸਾਈਜ਼ ਅਤੇ ਟੈਕਸਟੇਸ਼ਨ ਟਰੇਡ ਵਿੰਗ ਸਥਾਪਿਤ ਕਰਨ ਤੋਂ ਬਾਅਦ ਵਪਾਰੀ ਵਰਗ ਨੂੰ ਰਾਹਤ ਦੇਣ ਵਾਸਤੇ ਜ਼ਿਲ੍ਹਾ ਅਤੇ ਹਲਕਾ ਕਮੇਟੀਆਂ ਦਾ ਗਠਨ ਕੀਤਾ ਗਿਆ, ਜਿਸ ਅਨੁਸਾਰ ਹਲਕਾ ਜੰਡਿਆਲਾ ਗੁਰੂ ਦੇ ਪੁਰਾਣੇ ਅਤੇ ਮਿਹਨਤੀ ਵਰਕਰ ਰਾਜਵਿੰਦਰ ਸਿੰਘ ਲਾਡੀ ਸੁਰੋਪੱਡਾ ਨੂੰ ਮੈਂਬਰ ਬਣਾਉਣ ਤੇ ਹਲਕੇ ਦੇ ਆਗੂਆਂ ਵੱਲੋਂ ਮੁਬਾਰਕਾਂ ਦਿਤੀਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਅਤੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਦੌਰਾਨ ਸ. ਰਾਜਵਿੰਦਰ ਲਾਡੀ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ ਸਾਹਿਬ ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਹਲਕਾ ਮੀਡੀਆ ਇੰਚਾਰਜ ਜਸਕਰਨ ਸਿੰਘ ਸੰਧੂ, ਹਲਕਾ ਕੋਆਰਡੀਨੇਟਰ ਜੁਗਰਾਜ ਸਿੰਘ ਵੜੈਚ, ਬਲਾਕ ਪ੍ਰਧਾਨ ਜਰਮਨ ਸਿੰਘ, ਬਲਾਕ ਸੰਮਤੀ ਮੈਂਬਰ ਬਲਜੀਤ ਸਿੰਘ ਚਾਹਲ, ਟਰੇਡ ਵਿੰਗ ਕਮਿਸ਼ਨ ਮੈਂਬਰ ਜਗਤਾਰ ਸਿੰਘ ਧਰਮੂਚੱਕ, ਬਲਵਿੰਦਰ ਸਿੰਘ ਪਟਵਾਰੀ ਖੱਬੇ ਰਾਜਪੂਤਾਂ, ਸਰਪੰਚ ਗੋਲਡੀ ਦਬੁਰਜੀ, ਸਰਪੰਚ ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਜਸਬੀਰ ਸਿੰਘ, ਮੰਗਲ ਸਿੰਘ, ਡੋਗਰ ਸਿੰਘ, ਯੋਧਾ ਸਿੰਘ, ਜਰਨੈਲ ਸਿੰਘ, ਬੂਟਾ ਸਿੰਘ, ਜੀਤਾ ਸਿੰਘ, ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ, ਮੱਖਣ ਸਿੰਘ, ਸਰਬਜੀਤ ਸਿੰਘ, ਪੱਪੂ ਟੇਲਰ ਆਦਿ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਸਾਹਿਬ ਤੁਸੀਂ ਖਾਲਸੇ ਦੀ ਕਚਹਿਰੀ 'ਚ ਤਰੀਕ ਭੁਗਤਣ ਚੱਲੇ ਹੋ, ਤੁਹਾਨੂੰ ਉਥੇ ਮੁੱਖ ਮਹਿਮਾਨ ਦੇ ਤੌਰ 'ਤੇ ਨੀਹ ਪੱਥਰ ਰੱਖਣ ਵਾਸਤੇ ਨਹੀਂ ਬੁਲਾਇਆ

**• ਪੰਜਾਬ ਦੇ ਮੁੱਖ ਮੰਤਰੀ ਕਹਿੰਦੇ ਮੈਂ ਸ੍ਰੀ ਅਕਾਲ ਤਖਤ ਸਾਹਿਬ ਪੇਸ਼ ਹੋਊਗਾ ਮੇਰੇ ਜਵਾਬ ਦਾ ਲਾਈਵ ਹੋਣਾ ਚਾਹੀਦਾ • ਮੁੱਖ ਮੰਤਰੀ ਪੰਜਾਬ ਦਾ ਇਹ ਵਤੀਰਾ ਸਿੱਖ ਸਿਧਾਂਤਾਂ ਨੂੰ ਸਿੱਧਾ ਚੈਲੰਜ**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਵਿੱਖੇ ਜਥੇਦਾਰ ਸਾਹਿਬ ਵੱਲੋਂ ਪੇਸ਼ ਹੋਣ ਲਈ ਬੁਲਾਇਆ ਗਿਆ ਹੈ । ਜ਼ਿਕਰ ਯੋਗ ਹੈ ਕਿ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਪਿਛਲੇ ਦਿਨੀ ਕਾਨਫਰੰਸ ਕਰਕੇ ਕਿਸੇ ਸ਼ਿਕਾਇਤ ਦਾ ਹਵਾਲਾ ਦਿੰਦਿਆਂ ਕਿਹਾ ਗਿਆ ਕਿ ਮੁੱਖ ਮੰਤਰੀ ਤੇ ਇਲਜ਼ਾਮ ਹਨ ਕਿ ਉਹ ਕਿਸੇ ਵੀਡੀਓ ਦੇ ਵਿੱਚ ਧਾਰਮਿਕ ਸ਼ਖਸੀਅਤਾਂ ਤੇ ਗੁਰੂ ਸਾਹਿਬਾਨ ਦੀਆਂ ਫੋਟੋਆਂ ਨਾਲ ਬੇਅਦਬੀ ਕਰਦੇ ਨਜ਼ਰ ਆ ਰਹੇ ਹਨ ।ਜਿਸ ਵੀਡੀਓ ਦੀ ਜਾਂਚ ਕਰਾਉਣ ਦੀ ਵੀ ਗੱਲ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਕਹੀ ਗਈ । ਇਸ ਸਾਰੇ ਮਸਲੇ ਤੇ ਪ੍ਰਤੀਕਿਰਿਆ ਦਿੰਦਿਆਂ ਸੁਖਪਾਲ ਸਿੰਘ ਖਹਿਰਾ ਨੇ ਕਿਹਾ ਕਿ ਭਗਵੰਤ ਮਾਨ ਦੇ ਮੁੱਖ ਮੰਤਰੀ ਦੇ ਅਹੁਦੇ ਤੇ ਰਹਿੰਦਿਆਂ ਨਿਰਪੱਖ ਜਾਂਚ ਅਸੰਭਵ ਹੈ । ਇਸ ਕਰਕੇ ਉਹਨਾਂ ਨੂੰ ਇਸ ਜਾਂਚ ਦੇ ਵਿੱਚ ਸ਼ਾਮਿਲ ਹੋਣ ਤੋਂ ਪਹਿਲਾਂ ਆਪਣੇ ਅਹੁਦੇ ਤੋਂ ਅਸਤੀਫਾ ਦੇਣਾ ਚਾਹੀਦਾ । ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਇਹ ਬੇਨਤੀ ਕਰਦੇ ਆਖ ਰਹੇ ਹਨ ਕਿ ਮੈਂ ਜੋ ਆ ਕੇ ਆਪਣੇ ਮਸਲੇ ਨਾਲ ਸੰਬੰਧਿਤ ਜਵਾਬ ਸੰਗਤਾਂ ਦੇ ਸਾਹਮਣੇ ਰੱਖੂਗਾ ਉਸ ਦਾ ਲਾਈਵ ਪ੍ਰਸਾਰਨ ਹੋਣਾ ਚਾਹੀਦਾ । ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਹ ਬਿਆਨ ਕਿਸੇ ਰਾਜ ਦੇ ਮੁੱਖ ਮੰਤਰੀ ਦੇ ਅਹੁਦੇ ਵਾਲਾ ਨਹੀਂ ਲੱਗਦਾ । ਕੀ ਭਗਵੰਤ ਸਿੰਘ ਮਾਨ ਨੂੰ ਨਹੀਂ ਪਤਾ ਕਿ ਉਹ ਖਾਲਸੇ ਦੀ ਕਚਹਿਰੀ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਤਰੀਕ ਭੁਗਤਣ ਲਈ ਜਾ ਰਹੇ ਹਨ । ਜਿੱਥੇ ਸਿਰਫ ਭਗਵੰਤ ਸਿੰਘ ਮਾਨ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਦੇ ਸਵਾਲਾਂ ਦੇ ਜਵਾਬ ਦੇਣੇ ਹਨ । ਉਹ ਵੀ ਸਿਰਫ ਉਨੇ ਜਿੰਨਾ ਸਵਾਲ ਪੁੱਛਿਆ ਜਾਵੇ । ਕੀ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜਾਣ ਬੁਝ ਕੇ ਸਿੱਖੀ ਸਿਧਾਂਤਾਂ ਨੂੰ ਚੈਲੇਂਜ ਕਰ ਰਹੇ ਹਨ ? ਕੀ ਇਹ ਗੱਲ ਸ੍ਰੀ ਅਕਾਲ ਤਖਤ ਸਾਹਿਬ ਨੂੰ ਚੁਨੌਤੀ ਦੇਣ ਵਾਲੀ ਨਹੀਂ ਲੱਗਦੀ ? ਜੇਕਰ ਇਸ ਮਸਲੇ ਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਗੱਲ ਮੰਨ ਵੀ ਲਈ ਜਾਵੇ ਕੀ ਉਹਨਾਂ ਦੇ ਜਵਾਬ ਦਾ ਲਾਈਵ ਪ੍ਰਸਾਰਨ ਹੋ ਜਾਵੇ । ਤਾਂ ਫਿਰ ਆਉਣ ਵਾਲੇ ਦਿਨਾਂ ਦੇ ਵਿੱਚ ਕੋਈ ਵੀ ਦੋਸ਼ੀ ਸ਼੍ਰੀ ਅਕਾਲ ਤਖਤ ਸਾਹਿਬ ਜਾ ਕੇ ਆਪਣੇ ਜਵਾਬ ਦਾ ਲਾਈਵ ਪ੍ਰਸਾਰਨ ਕਰਨ ਲਈ ਆਖੇਗਾ । ਕੀ ਇਹ ਸਿੱਖੀ ਸਿਧਾਂਤਾਂ ਨਾਲ ਖਿਲਵਾੜ ਨਹੀਂ ਹੋ ਜਾਵੇਗਾ ? ਕੀ ਇਸ ਨਾਲ ਸ਼੍ਰੀ ਅਕਾਲ ਤਖਤ ਸਾਹਿਬ ਦੀ ਮਰਿਆਦਾ ਨੂੰ ਢਾਹ ਨਹੀਂ ਲੱਗੇਗੀ ?

**-ਪਰਗਟ ਸਿੰਘ ਬਲਬੇੜਾ, 9022000070**




ਗੁਰਦੁਆਰਾ ਰਾਮ ਦਾਸ ਪੁਰੀ ਅਰਮਾਨ ਪੁਰਾ ਚ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ

# ਢਾਡੀ ਜਥਾ ਬੀਬੀ ਦਲੇਰ ਕੌਰ ਖਾਲਸਾ ਵਲੋਂ ਢਾਡੀ ਵਾਰਾਂ ਸੁਣਾਈਆਂ ਗਈਆਂ



**ਫ਼ਿਰੋਜ਼ਪੁਰ, 11 ਜਨਵਰੀ (ਮਨੋਹਰ ਲਾਲ) :—** ਗੁਰਦੁਆਰਾ ਰਾਮ ਦਾਸ ਪੁਰੀ ਪਿੰਡ ਅਰਮਾਨ ਪੁਰਾ ਵਿਚ ਦਸਮ ਗੁਰੂ, ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਵਾਏ ਧਾਰਮਿਕ ਸਮਾਗਮ।ਗੁਰੁਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਦੀ ਅਗਵਾਈ ਵਿਚ ਧੰਨ—ਧੰਨ ਸਾਹਿਬ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ਼੍ਰੀ ਅਖੰਡ ਪਾਠਾਂ ਦੇ ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿੱਚ ਢਾਡੀ ਜੱਥਾ ਬੀਬੀ ਦਲੇਰ ਕੌਰ ਖਾਲਸਾ, ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ (ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ), ਭਾਈ ਕੁਲਦੀਪ ਸਿੰਘ ਕਥਾ ਵਾਚਕ (ਲੱਖੋ ਕੇ ਬਹਿਰਾਮ), ਭਾਈ ਅੰਮ੍ਰਿਤਪ੍ਰੀਤ ਸਿੰਘ ਰਾਗੀ ਜੱਥਾ, ਭਾਈ ਬੋਹੜ ਸਿੰਘ ਢਾਡੀ ਜੱਥਾ (ਬਾਰੇ ਕੇ), ਬੀਬੀ ਦਲਜੀਤ ਕੌਰ, ਕਥਾ ਵਾਚਕ (ਅਰਮਾਨਪੁਰੇ ਵਾਲੇ) ਅਤੇ ਗੁਰੂ ਰਾਮ ਦਾਸ ਸੀਨੀਅਰ ਸਕੈਂਡਰੀ ਪਬਲਿਕ ਸਕੂਲ (ਸ਼ਾਹਦੀਨ ਵਾਲਾ) ਦੇ ਬੱਚਿਆਂ ਵੱਲੋਂ ਕੀਰਤਨ ਕਥਾ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਦੰਦਾਂ ਦਾ ਇਕ ਮੈਡੀਕਲ ਚੈਕਅਪ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਵੱਖ—ਵੱਖ ਮਰੀਜਾਂ ਦੇ ਦੰਦਾਂ ਦੀ ਜਾਂਚ ਕੀਤੀ ਗਈ।

# ਕੌਮੀ ਇਨਸਾਫ ਮੋਰਚੇ ਵੱਲੋਂ 12 ਜਨਵਰੀ ਨੂੰ ਤਿੰਨ ਘੰਟਿਆਂ ਲਈ ਖੋਲੇ ਜਾਣਗੇ ਟੋਲ ਪਲਾਜੇ

ਫ਼ਿਰੋਜ਼ਪੁਰ, 11 ਜਨਵਰੀ (ਮਨੋਹਰ ਲਾਲ) :— ਕੌਮੀ ਇਨਸਾਫ ਮੋਰਚੇ ਵੱਲੋਂ 12 ਜਨਵਰੀ 2026 ਨੂੰ ਪੰਜਾਬ ਦੇ ਟੋਲ ਪਲਾਜੇ ਤਿੰਨ ਘੰਟਿਆਂ ਲਈ ਸਮੂਹ ਧਾਰਮਿਕ, ਸਮਾਜਿਕ, ਮਜ਼ਦੂਰ ਤੇ ਕਿਸਾਨ ਜਥੇਬੰਦੀਆਂ ਦੇ ਸਹਿਯੋਗ ਨਾਲ ਖੋਲਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ ਸਮੁੱਚੇ ਨਾਨਕ ਨਾਮ ਲੇਵਾ ਪੰਥਕ ਹਿਤੈਸ਼ੀਆਂ ਨੂੰ ਕੌਮੀ ਇਨਸਾਫ ਮੋਰਚੇ ਵਲੋਂ ਨਿਮਰਤਾ ਸਹਿਤ ਬੇਨਤੀ ਹੈ ਕਿ ਹੱਕੀ ਮੰਗਾਂ ਨੂੰ ਲੈ ਕੇ ਕਾਫੀ ਉਤਰਾਵਾਂ ਚੜਾਵਾਂ ਵਿਚੋਂ ਲੰਘ ਰਹੇ ਤਿੰਨ ਸਾਲ ਪੂਰੇ ਕਰ ਚੁੱਕੇ ਕੌਮੀ ਇਨਸਾਫ ਮੋਰਚਾ



ਨੇ 12 ਜਨਵਰੀ ਦਿਨ ਸੋਮਵਾਰ ਦੁਪਹਿਰ 2 ਵਜੇ ਤੋਂ 3 ਵਜੇ ਤੱਕ ਸਾਰੇ ਪੰਜਾਬ ਦੇ ਟੋਲ ਪਲਾਜੇ ਤਿੰਨ ਘੰਟਿਆਂ ਲਈ ਸਮੂਹ ਧਾਰਮਿਕ ਸਮਾਜਿਕ ਮਜਦੂਰ ਤੇ ਕਿਸਾਨ ਜਥੇਬੰਦੀਆ ਦੇ ਸਹਿਯੋਗ ਨਾਲ ਖੋਲਣ ਦਾ ਪ੍ਰੋਗਰਾਮ ਉਲੀਕਿਆ ਹੈ। ਉਨ੍ਹਾਂ ਕਿਹਾ ਕਿ ਸਭਨਾ ਨੂੰ ਬੇਨਤੀ ਹੈ ਕਿ ਜੇ ਅਸੀਂ ਵਾਕਿਆਈ ਸੋਚਦੇ ਆ ਕਿ ਬੰਦੀ ਸਿੰਘਾਂ ਨਾਲ ਅਨਿਆਂ ਹੋ ਰਿਹਾ ਉਨ੍ਹਾਂ ਦਾ ਬੁਨਿਆਦੀ ਪੈਰੋਲ ਦਾ ਹੱਕ ਵੀ ਖੋਹਿਆ ਜਾ ਰਿਹਾ ਜੇ ਆਪ ਨੂੰ ਇਹ ਸਮਝ ਏ ਕਿ ਸੱਤ ਲੱਖ ਲੋਕਾਂ ਦੇ ਸਰਬਤ ਖਾਲਸਾ ਵਲੋਂ ਚੁਣੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਉਨ੍ਹਾਂ ਦੀ 82 ਸਾਲਾਂ ਦੀ ਮੰਜੇ ਉਪਰ ਬਿਮਾਰ ਪਈ ਬਿਰਧ ਮਾਤਾ ਜਿਹੜੀ ਆਪਣੇ ਜਿਗਰ ਦੇ ਟੋਟੇ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਛਾਤੀ ਨਾਲ ਲਾਉਣ ਦੀ ਆਖਰੀ ਸਾਹ ਤੱਕ ਇੰਤਜ਼ਾਰ ਕਰ ਰਹੀ ਏ, ਨੂੰ ਸਰਕਾਰ ਪੈਰੋਲ ਦੇ ਕੇ ਮਿਲਾਉਣ ਨੂੰ ਵੀ ਤਿਆਰ ਨਹੀਂ ਤਾਂ ਕਿਰਪਾ ਕਰਕੇ ਕਲ ਨੂੰ ਵੱਧ ਤੋਂ ਵੱਧ ਆਪਣੇ ਨਜਦੀਕੀ ਟੋਲ ਪਲਾਜੇ ਤੇ ਪਹੁੰਚ ਕੇ ਪ੍ਰਦਰਸ਼ਨ ਕਰੋ ਸ਼ਾਇਦ ਇਸ ਇਕੱਤਰਤਾ ਰੋਸ ਨਾਲ ਗਾਫਲ ਸਰਕਾਰ ਦੀ ਨੀਂਦ ਖੁਲ ਜਾਵੇ।

## ਸ੍ਰੀ ਅਕਾਲ ਤਖ਼ਤ 'ਤੇ ਪੇਸ਼ੀ ਵੀ ਸਿੱਖ ਲਈ ਇਕ ਤਰਾਂ ਦਾ ਵਰਦਾਨ ਹੈ-ਪ੍ਰੋ. ਸਰਚਾਂਦ ਸਿੰਘ ਖਿਆਲਾ

# ਮੁੱਖ ਮੰਤਰੀ ਮਾਨ ਨੂੰ ਹਠ ਨਹੀਂ ਕਰਨਾ ਚਾਹੀਦਾ, ਆਪਣੇ ਵਿਚਾਰ ਪ੍ਰੈੱਸ ਕੋਲ ਰੱਖਣ ਨੂੰ ਕੌਣ ਰੋਕਦਾ ?

**ਨਾਨਕ** ਨਿਰਮਲ ਪੰਥ ਭਾਵ ਸਿੱਖ ਧਰਮ ਖ਼ਾਲਸਾ ਪੰਥ ਇਕ ਨਿਰੋਲ ਅਧਿਆਤਮਕ ਲਹਿਰ ਨਾ ਹੋ ਕੇ ਆਰੰਭ ਤੋਂ ਹੀ ਭਗਤੀ ਤੇ ਸ਼ਕਤੀ ਦਾ ਸੁਮੇਲ ਰਿਹਾ। ਗੁਰੂ ਨਾਨਕ ਸਾਹਿਬ ਦੁਆਰਾ ਬਾਬਰ ਨੂੰ ਜਾਬਰ ਕਹਿਣਾ ਅਤੇ ਗੁਰੂ ਅੰਗਦ ਸਾਹਿਬ ਵੱਲੋਂ ਆਪਣੇ ਉੱਤੇ ਤਲਵਾਰ ਧੂ ਲੈਣ ਵਾਲੇ ਬਾਦਸ਼ਾਹ ਹਿਮਾਯੂ ਨੂੰ ਤਲਵਾਰ ਦੀ ਸਮੇਂ ਅਤੇ ਸਥਾਨ ਅਨੁਸਾਰ ਵਰਤੋਂ ਕਰਨ ਲਈ ਕਹਿਣਾ ਇਸ ਦਾ ਪ੍ਰਮਾਣ ਹਨ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਉਪਰੰਤ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੁਆਰਾ ਲੋਕਾਂ ਨੂੰ ਧਾਰਮਿਕ ਤੇ ਸਿਆਸੀ ਜ਼ਾਲਮਾਂ ਤੋਂ ਮੁਕਤ ਕਰਾਉਣ ਅਤੇ ਉਹਨਾਂ ਵਿੱਚ ਆਤਮ ਵਿਸ਼ਵਾਸ ਭਰਨਾ ਅਤੇ ਉਨ੍ਹਾਂ ਦੇ ਮਨ ਤੋਂ ਹਕੂਮਤ ਦਾ ਡਰ ਦੂਰ ਕਰਨ ਦੇ ਮੰਤਵ ਦੀ ਪੂਰਤੀ ਲਈ ਅਕਾਲ ਤਖ਼ਤ ਸਾਹਿਬ ਦੀ ਸਿਰਜਣਾ ਕਰਨ ਅਤੇ ਮੀਰੀ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕਰਦਿਆਂ ਸੱਚਾ ਪਾਤਸ਼ਾਹ ਅਖਵਾਉਣਾ ਆਦਿ ਪਰਿਵਰਤਨ ਸਿੱਖ ਧਰਮ ਨੂੰ ਸਥਾਪਿਤ ਕਰਨ ਵੱਲ ਰਾਜਸੀ ਪਹੁੰਚ ਸੀ।



ਗੁਰਮਤਿ ਵਿਚਾਰਧਾਰਾ ਵਿੱਚ ਤਖ਼ਤ ਨਾਸ਼ਵਾਨ ਨਾ ਹੋ ਕੇ ਸਦੀਵੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਕੇਵਲ ਇੱਕ ਇਮਾਰਤ ਨਹੀਂ, ਨਾ ਹੀ ਇਹ ਕਿਸੇ ਵਿਅਕਤੀ ਵਿਸ਼ੇਸ਼ ਦੀਆਂ ਰਾਜਸੀ ਗਤੀਵਿਧੀਆਂ ਦਾ ਕੇਂਦਰ ਹੈ, ਸਗੋਂ ਇਹ ਮਨੁੱਖਤਾ ਖ਼ਾਸ ਕਰਕੇ ਸਿੱਖਾਂ ਲਈ ਸਰਬ ਉੱਚ ਪ੍ਰਭੂ ਸੱਤਾ ਸੰਪੰਨ ਸੰਸਥਾ ਹੈ। ਇਹ ਬੰਦੇ ਲਈ ਜਬਰ ਜ਼ੁਲਮ ਵਿਰੁੱਧ ਜੂਝਣ ਦੇ ਜਜ਼ਬੇ ਦਾ ਸੋਮਾ ਅਤੇ ਸਵੈਮਾਨ ਨਾਲ ਜ਼ਿੰਦਗੀ ਜਿਊਣ ਦੀ ਪ੍ਰੇਰਨਾ ਸਰੋਤ, ਹਰ ਸਿੱਖ ਲਈ ਜਿੰਦ-ਜਾਨ ਤੇ ਸ਼ਾਨ ਹੈ, ਜਿਸ ਦੇ ਲਈ ਮਰਿਆ ਤੇ ਕਿਸੇ ਨੂੰ ਮਾਰਿਆ ਜਾ ਸਕਦਾ ਹੈ। ਗੁਰਸਿੱਖਾਂ ਦੇ ਹਿਰਦੇ ਵਿੱਚ ਇਸ ਦਾ ਅਹਿਮ ਸਥਾਨ ਹੈ। ਸਮੂਹ ਸਿੱਖਾਂ ਦੇ ਵਿਸ਼ਵ ਵਿਆਪੀ ਧਾਰਮਿਕ ਸਮਾਜਿਕ ਰਾਜਨੀਤਿਕ ਸਰੋਕਾਰਾਂ, ਵਰਤਮਾਨ ਅਤੇ ਕੌਮ ਦੇ ਭਵਿਖ ਨੂੰ ਰੂਪਮਾਨ ਕਰਨ ਪ੍ਰਤੀ ਮਿਲ-ਜੁੱਲ ਕੇ ਵਿਚਾਰਾਂ ਕਰਨ ਅਤੇ ਯੋਜਨਾਵਾਂ ਉਲੀਕਣ ਦੀ ਥਾਂ ਹੋਣ ਦੇ ਬੋਧ ਕਾਰਨ ਹੀ ਹਕੂਮਤਾਂ ਨੇ ਇਸ ਨੂੰ ਮਲੀਆ ਮੇਟ ਕਰਨ ਦੀਆਂ ਕਈ ਵਾਰ ਕੋਸ਼ਿਸ਼ਾਂ ਕੀਤੀਆਂ।

ਸ੍ਰੀ ਅਕਾਲ ਤਖ਼ਤ ਕੇਵਲ ਪੰਜਾਬ ਦੇ ਸਿੱਖਾਂ ਦੇ ਇੱਕ ਵਰਗ ਜਾਂ ਅਕਾਲੀ ਦਲ ਦੇ ਵਕਤੀ ਸਰੋਕਾਰਾਂ ਤੱਕ ਮਹਿਦੂਦ ਨਾ ਹੋਕੇ ਪੰਥਕ ਮਸਲਿਆਂ ਦੇ ਮਹੱਤਵ ਪੂਰਨ ਤੇ ਅੰਤਿਮ ਫ਼ੈਸਲਿਆਂ ਲਈ ਜਾਣਿਆ ਜਾਂਦਾ ਹੈ। ਇਸੇ ਤਰ੍ਹਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਵੀ ਸਿੱਖ ਲਈ ਇਵੇਂ ਹੀ ਅਹਿਮੀਅਤ ਹੈ।

ਇੱਥੇ ਇਹ ਕਹਿਣਾ ਕੁਥਾਂ ਨਹੀਂ ਹੋਵੇਗਾ ਕਿ ਗੁਰੂ ਪਰੰਪਰਾ ਅਤੇ ਗੁਰਮਤਿ ਦੀ ਆਚਾਰ ਸੰਹਿਤਾ ਵਿਚ 'ਬਦਲੇ' ਜਿਹੇ ਭਾਵਨਾ ਦੀ ਨਕਾਰਾਤਮਿਕ ਦ੍ਰਿਸ਼ਟੀ ਤੋਂ ਕੋਈ ਥਾਂ ਨਹੀਂ। ਇੱਥੇ ਗੁਨਾਹਗਾਰ ਪ੍ਰਤੀ ਹੋਰਨਾਂ ਧਰਮਾਂ ਵਾਂਗ ਸੰਗਸਾਰ ਦੀ ਕੋਈ ਪ੍ਰਥਾ ਨਹੀਂ, ਪਰ 'ਖਿਮਾ' ਦੀ ਬਲਸ਼ਾਲੀ ਪਰੰਪਰਾ ਹੈ। ਇਸੇ ਅਨਮੋਲ ਅਤੇ ਵਿਲੱਖਣ ਗੁਣਾਂ ਨਾਲ ਮਨੁੱਖ ਨੂੰ ਪ੍ਰੇਰਿਤ ਅਤੇ ਸੰਚਾਲਿਤ ਕਰਦੀ ਆਈ ਹੈ। ਸਤਿਗੁਰੂ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਫ਼ਰਮਾਨ ਹੈ........

"ਕੋਈ ਨਿੰਦਕੁ ਹੋਵੈ ਸਤਿਗੁਰੂ ਕਾ ਫਿਰਿ ਸਰਣਿ ਗੁਰ ਆਵੈ।।
ਪਿਛਲੇ ਗੁਨਹ ਸਤਿਗੁਰੁ ਬਖਸਿ ਲਏ ਸਤਸੰਗਤਿ ਨਾਲਿ ਰਲਾਵੈ ।।" ( ਅੰਗ 855)

ਸਤਿਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਫ਼ਰਮਾਨ ਹੈ--
"ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ ॥
ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ॥
ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ ॥2॥" ( ਅੰਗ 624)

ਦਾ ਗੁਰੂ ਜੁਗਤਿ ( ਮਾਡਲ) ਗੁਰੂ ਪੰਥ ਦੀ ਪ੍ਰਮੁੱਖ ਅਤੇ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲਾਗੂ ਅਤੇ ਨਿਰੰਤਰ ਕਾਰਜਸ਼ੀਲ ਰਿਹਾ ਹੈ। ਗੁਰੂਘਰ 'ਚ ਚੱਲ ਕੇ ਸ਼ਰਨ ਆਇਆਂ ਨੂੰ "ਜੋ ਸਰਣਿ ਆਵੈ ਤਿਸੁ ਕੰਠਿ ਲਾਵੈ ਇਹੁ ਬਿਰਦੁ ਸੁਆਮੀ ਸੰਦਾ ॥"ਅਨੁਸਾਰ ਆਪਣੀ ਗ਼ਲਤੀ 'ਤੇ ਪਸ਼ਚਾਤਾਪ ਕਰਨ 'ਤੇ ਅਵੱਸ਼ ਮੁਆਫ਼ੀ ਮਿਲਦੀ ਹੈ। ਇਸ ਪ੍ਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਰੋਧੀਆਂ ਲਈ ਇਕ ਚੁਨੌਤੀ ਹੈ ਤਾਂ ਸ਼ਰਨ ਆਏ ਆਪਣਿਆਂ ਅਤੇ ਪਰਾਇਆਂ ਲਈ ਸਤਿਗੁਰਾਂ ਦਾ ਬਖ਼ਸ਼ਿੰਦ ਦਰ ਹੋ ਨਿੱਬੜਦਾ ਹੈ।

ਇਕ ਸਿੱਖ ਵਜੋਂ ਮੈਨੂੰ ਫ਼ਖਰ ਹੈ ਕਿ ਸਿੱਖਾਂ ਦੀਆਂ ਫ਼ਰਾਖ਼-ਦਿਲੀ ਦੀਆਂ ਵੀ ਅਨੇਕਾਂ ਦੁਰਲੱਭ ਮਿਸਾਲਾਂ ਹਨ। ਸਿੱਖ ਇਤਿਹਾਸ ਗਵਾਹ ਹੈ ਕਿ 1762 ਈਸਵੀ ਦੌਰਾਨ ਅਹਿਮਦ ਸ਼ਾਹ ਅਬਦਾਲੀ ਵੱਲੋਂ ਕੁੱਪ ਦੇ ਅਸਥਾਨ 'ਤੇ ਵੱਡਾ ਘੱਲੂਘਾਰਾ ਵਰਤਾਉਂਦਿਆਂ ਹਜ਼ਾਰਾਂ ਸਿੱਖਾਂ ਨੂੰ ਸ਼ਹੀਦ ਕੀਤਾ ਗਿਆ, ਇਸ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੀ ਬੇਅਦਬੀ ਕੀਤੀ ਗਈ ਸੀ। ਜਦੋਂ ਇਹੀ ਅਫਗਾਨੀ ਸੈਨਿਕ ਦਿੱਲੀ ਨੂੰ ਲੁੱਟ ਕੇ ਵਤਨ ਵਾਪਸ ਜਾ ਰਹੇ ਸਨ ਤਾਂ ਉਸ ਵਕਤ ਸਿੱਖਾਂ ਵੱਲੋਂ ਝਨਾਂ ਟੱਪਣ ਤੋਂ ਪਹਿਲਾਂ ਹਮਲਾ ਕਰਦਿਆਂ ਅਨੇਕਾਂ ਗ੍ਰਿਫ਼ਤਾਰ ਕਰ ਲਏ ਗਏ । ਸ੍ਰੀ ਅੰਮ੍ਰਿਤਸਰ ਲਿਆ ਕੇ ਉਨ੍ਹਾਂ ਤੋਂ ਅੰਮ੍ਰਿਤ ਸਰੋਵਰ ਦੀ ਸੇਵਾ ਕਰਵਾਈ ਗਈ, ਉਪਰੰਤ ਜਥੇਦਾਰ ਵੱਲੋਂ ਉਨ੍ਹਾਂ ਨੂੰ ਇਹ ਕਹਿੰਦਿਆਂ ਮੁਆਫ਼ ਕਰ ਦਿੱਤਾ ਗਿਆ ਕਿ ਇਨ੍ਹਾਂ ਨੇ ਜੇ ਗੁਰੂਘਰ ਦੀ ਬੇਅਦਬੀ ਕੀਤੀ ਸੀ ਤਾਂ ਇਨ੍ਹਾਂ ਅੰਮ੍ਰਿਤ ਸਰੋਵਰ ਦੀ ਸੇਵਾ 'ਚ ਹਿੱਸਾ ਵੀ ਪਾਇਆ ਹੈ।

ਗੁਰੂ ਕਾਲ ਸਮੇਂ ਤੋਂ ਹੀ ਤਖ਼ਤ ਸਾਹਿਬਾਨ 'ਤੇ ਜਥੇਦਾਰ ਨਿਯੁਕਤ ਰਹੇ। ਅੰਗਰੇਜ਼ ਹਕੂਮਤ ਵੇਲੇ 1920 ਤੱਕ ਅਕਾਲ ਤਖ਼ਤ 'ਤੇ ਸਰਬਰਾਹ ਨਿਯੁਕਤ ਸੀ। 1920 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗਠਨ ਨਾਲ ਜਥੇਦਾਰ ਦੀ ਪਦਵੀ ਮੁੜ ਸਿੱਖਾਂ ਕੋਲ ਆਉਣ ਨਾਲ ਜਥੇਦਾਰ ਦੀ ਨਿਯੁਕਤੀ ਸਰਬ ਸੰਮਤੀ ਨਾਲ ਕੀਤੀ ਜਾਣ ਲੱਗੀ। 1925 ਵਿੱਚ ਅੰਗਰੇਜ਼ ਹਕੂਮਤ ਵੱਲੋਂ ਸਿੱਖ ਗੁਰਦੁਆਰਾ ਐਕਟ 1925 ਲਾਗੂ ਕਰਨ ਦੇ ਨਾਲ ਇੱਕ ਭੰਬਲ ਭੂਸਾ ਜਰੂਰ ਖੜ੍ਹਾ ਹੋ ਗਿਆ। ਗੁਰਦੁਆਰਾ ਐਕਟ ਵਿੱਚ ਜਥੇਦਾਰ ਸੰਸਥਾ ਨੂੰ ਸੁਤੰਤਰ ਵਿਵਸਥਾ ਪ੍ਰਾਪਤ ਹੈ ਅਤੇ ਇਸ ਐਕਟ ਵਿੱਚ ਪ੍ਰਾਪਤ ਹੈੱਡ ਮਨਿਸਟਰ ਸ਼ਬਦ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਲਈ ਵਰਤਿਆ ਹੋਇਆ ਸਪਸ਼ਟ ਮਿਲਦਾ ਹੈ। ਇਹ ਸਾਡੀ ਸਿਆਸਤ ਦੀ ਲੋੜ ਸੀ ਕਿ ਤਖ਼ਤਾਂ ਦੇ ਜਥੇਦਾਰਾਂ ਨੂੰ ਵੀ ਹੈੱਡ ਮਨਿਸਟਰ ਵਜੋਂ ਮੰਨ ਲਿਆ ਗਿਆ ਅਤੇ ਜਥੇਦਾਰਾਂ ਦੀ ਨਿਯੁਕਤੀ ਸ਼੍ਰੋਮਣੀ ਕਮੇਟੀ ਵੱਲੋਂ ਲਾਗੂ ਸੇਵਾ ਨਿਯਮਾਂ ਅਨੁਸਾਰ ਹੋਣ ਲੱਗੀ, ਹੁਣ ਤਾਂ ਜਥੇਦਾਰਾਂ ਨੂੰ ਚੁਣਨ ਦੇ ਪੰਥਕ ਵਿਧੀ ਅਸਲੋਂ ਹੀ ਪੰਥਕ ਸੁਰਤ ਵਿੱਚੋਂ ਮਨਫ਼ੀ ਕਰ ਦਿੱਤੀ ਗਈ, ਜਿਸ ਦਾ ਨਤੀਜਾ ਅੱਜ ਸਾਡੇ ਸਾਹਮਣੇ ਹੈ।

ਅੱਜ ਜਥੇਦਾਰਾਂ ਦੀ ਸਿਆਸਤ ਤੋਂ ਪ੍ਰੇਰਿਤ ਨਿਯੁਕਤੀ ਪਰੰਪਰਾਵਾਂ ਦੇ ਸੁੱਚੀ ਤਾਜ਼ਗੀ ਦੀ ਥਾਂ ਵਿਵਾਦਾਂ ਦੀ ਨਿੱਤ ਭੇਟ ਚੜ ਰਿਹਾ ਹੈ। ਸਿੱਖਾਂ ਦੀ ਰਹਿਤ ਮਰਿਆਦਾ, ਧਾਰਮਿਕ ਤੇ ਸਮਾਜਿਕ ਮਸਲਿਆ ਸਬੰਧੀ ਗੁਰੂ ਪੰਥ ਵੱਲੋਂ ਨਿਰਨਾ ਲੈਣ ਦਾ ਜਿਨ੍ਹਾਂ ਤਖ਼ਤਾਂ ਕੋਲ ਅਧਿਕਾਰ ਹੈ ਉਹਨਾਂ ਤਖ਼ਤਾਂ ਦੇ ਜਥੇਦਾਰ ਹੀ ਅੱਜ ਵਿਵਾਦਾਂ ਵਿੱਚ ਘਿਰ ਚੁੱਕੇ ਹਨ। ਅਸਲ ਵਿਚ ਅੱਜ ਦੀ ਵਿਵਸਥਾ ਇਹ ਕਹਿੰਦੀ ਹੈ ਕਿ ਕਿਸੇ ਵੀ ਜਥੇਦਾਰ ਲਈ ਸਿਆਸਤਦਾਨ ਵ ਸ਼੍ਰੋਮਣੀ ਕਮੇਟੀ 'ਤੇ ਕਾਬਜ਼ ਅਕਾਲੀ ਲੀਡਰਸ਼ਿਪ ਨਾਲ ਗੱਠਜੋੜ ਦਾ ਹਿੱਸਾ ਹੋਏ ਬਿਨਾ ਇਸ ਅਹੁਦੇ 'ਤੇ ਬਣਿਆ ਨਹੀਂ ਰਹਿ ਸਕਦਾ। ਇਸੇ ਲਈ ਸਿਆਸੀ ਗ਼ਰਜ਼ਾਂ 'ਤੇ ਪਰਦਾ ਪਾਉਂਦੇ ਰਹਿਣਾ ਪੈਂਦਾ ਹੈ ਵਰਨਾ ਜ਼ੋਰਾਵਰ ਘਰ ਦਾ ਰਸਤਾ ਦਿਖਾ ਦਿੰਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪਤਿਤ ਜਾਂ ਸਿਰਗੁੰਮ ਹੋਣ ਦੇ ਬਾਵਜੂਦ ਰਵਾਇਤ ਦੇ ਵਿਪਰੀਤ 'ਪੇਸ਼' ਹੋਣ ਲਈ ਸੱਦਿਆ ਜਾਣਾ ਭਾਵ ਤਲਬ ਕੀਤੇ ਜਾਣ ਦੇ ਮੌਜੂਦਾ ਵਰਤਾਰੇ ਨੂੰ ਵੀ ਇਸੇ ਸੰਦਰਭ ਵਿਚ ਵਾਚਿਆ ਜਾਣਾ ਬਣਦਾ ਹੈ। ਬੇਸ਼ੱਕ ਸਕੱਤਰੇਤ ਨੂੰ ਅਕਾਲ ਤਖ਼ਤ ਤੋਂ ਵੱਖ ਨਹੀਂ ਕੀਤਾ ਜਾ ਸਕਦਾ। ਇਹ ਮੰਨ ਵੀ ਲਿਆ ਜਾਵੇ ਕਿ ਕਿਸੇ ਨੂੰ ਵੀ ਸਕੱਤਰੇਤ ਸੱਦਿਆ ਜਾ ਸਕਦਾ ਹੈ ਪਰ ਇੱਥੇ ਸੱਦਿਆ ਹੀ ਨਹੀਂ ਸਗੋਂ 'ਪੇਸ਼' ਹੋਣ ਲਈ ਕਿਹਾ ਗਿਆ ਹੈ। ਪੇਸ਼ ਹੋਣ ਅਤੇ ਸੱਦਣ 'ਚ ਫ਼ਰਕ ਨੂੰ ਹਰ ਕੋਈ ਪਛਾਣ ਸਕਦਾ ਹੈ। ਮੁੱਖ ਮੰਤਰੀ ਮਾਨ ਵੱਲੋਂ ਗੋਲਕਾਂ ਪ੍ਰਤੀ ਬਿਆਨ ਬੇਸ਼ੱਕ ਉਹਨਾਂ ਦੇ ਰੁਤਬੇ ਮੁਤਾਬਕ ਸਹੀ ਨਹੀਂ ਪਰ ਇਹ ਬਿਆਨ ਉਹ 2023, ਜਦੋਂ ਪੀਟੀਸੀ ਵੱਲੋਂ ਗੁਰਬਾਣੀ 'ਤੇ ਏਕਾਧਿਕਾਰ ਹੋਣ ਦੇ ਦਾਅਵੇ ਦੇ ਵਕਤ ਵੀ ਗੋਲਕ ਦੀ ਸਿਆਸੀ ਮੁਫ਼ਾਦ ਲਈ ਵਰਤੋਂ 'ਤੇ ਸਵਾਲ ਉਠਾਉਂਦੇ ਵੀ ਦਿੱਤਾ ਗਿਆ ਸੀ। ਜਿੱਥੋਂ ਤਕ ਇਤਰਾਜ਼ਯੋਗ ਵੀਡੀਓ ਬਾਰੇ ਤਾਂ ਖ਼ੁਦ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਵੀ ਉਸ ਦੀ ਸਹੀ ਜਾਂ ਝੂਠੀ ਹੋਣ ਬਾਰੇ ਪੁਖ਼ਤਾ ਜਾਣਕਾਰੀ ਨਹੀਂ ਹੈ। ਜਦੋਂ ਕਿ ਹੁਕਮਨਾਮਾ ਜਾਂ ਕਿਸੇ ਨੂੰ ਤਲਬ ਬਾਕੀ ਸਭ ਹੀਲੇ ਮੁੱਕ ਜਾਣ 'ਤੇ ਅਮਲ 'ਚ ਲਿਆਉਣੀ ਚਾਹੀਦੀ ਹੈ। ਅਜਿਹੇ 'ਚ ਜਥੇਦਾਰ ਵੱਲੋਂ ਅਹੁਦੇ ਦੇ ਵੱਕਾਰ ਲਈ ਉਸ ਵੀਡੀਓ ਦੀ ਪਹਿਲਾਂ ਜਾਂਚ ਕਰਾ ਲਈ ਜਾਂਦੀ ਤਾਂ ਚੰਗਾ ਸੀ।

ਲਿਹਾਜ਼ਾ ਇਹ ਵਰਤਾਰਾ 328 ਪਾਵਨ ਸਰੂਪਾਂ ਦੇ ਮਾਮਲੇ 'ਚ ਕੇਸ ਦਰਜ ਹੋਣ ਅਤੇ ਕਾਨੂੰਨੀ ਕਾਰਵਾਈ ਨੂੰ ਅੰਜਾਮ ਦੇਣ ਨਾਲ ਪਨਪਿਆ ਹੋਣ ਕਰਕੇ ਅਕਾਲ ਤਖ਼ਤ ਨੂੰ ਢਾਲ ਬਣਾਉਣ ਅਤੇ ਸਿਆਸੀ ਦਖ਼ਲ ਅੰਦਾਜ਼ੀ ਵਲ ਉਗਲਾਂ ਉੱਠ ਰਹੀਆਂ ਹਨ। ਮੁੱਖ ਮੰਤਰੀ ਮਾਨ ਦੀ 'ਪੇਸ਼ੀ' ਦਾ ਮਕਸਦ ਪਰੋਖ ਰੂਪ ਵਿੱਚ ਭਾਵੇਂ ਹੀ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਜਾਂਚ ਅਤੇ ਕਾਰਵਾਈ ਨੂੰ ਪ੍ਰਭਾਵਿਤ ਕਰਨਾ ਹੀ ਕਿਉਂ ਨਾ ਹੋਵੇ ਪਰ ਦੂਜੇ ਪਾਸੇ ਉਨ੍ਹਾਂ ਦਾ ਜਥੇਦਾਰ ਨੂੰ 'ਪੇਸ਼ੀ' ਨੂੰ ਲਾਈਵ ਟੈਲੀਕਾਸਟ ਕਰਨ ਦੀ ਮੰਗ ਕੋਈ ਅਰਥ ਨਹੀਂ ਰੱਖਦਾ ਕਿਉਂਕਿ ਪੇਸ਼ੀ ਦੌਰਾਨ ਕੇਵਲ ਸਪਸ਼ਟੀਕਰਨ ਲਿਆ ਜਾਣਾ ਹੈ, ਕੋਈ ਜਵਾਬ ਤਲਬੀ ਨਹੀਂ । ਕਿਸੇ ਨੂੰ ਅਕਾਲ ਤਖ਼ਤ 'ਤੇ ਤਲਬ ਕਰਨ ਦੀ ਗਲ ਤਾਂ ਇਸ ਅਵਸਰ ਨੂੰ ਕਈ ਸਿਆਸੀ ਲੋਕ ਲੋਚਦੇ ਹਨ। ਇਕ ਵਾਰ ਜਥੇਦਾਰ ਨੇ ਗਲ ਦਸੀ ਕਿ ਦਿੱਲੀ ਨਾਲ ਸੰਬੰਧਿਤ ਇਕ ਅਕਾਲੀ ਆਗੂ ਦੀ ਇਹ ਬੜੀ ਲੋਚਾ ਰਹੀ ਕਿ ਉਸ ਨੂੰ ਇਹ ਅਵਸਰ ਮਿਲੇ। ਪਰ ਇਹ ਅਵਸਰ ਵੀ ਰੱਬੀ ਰਹਿਮਤ ਦਾ ਲਖਾਇਕ ਹੈ। ਜਿਸ 'ਤੇ ਉਸ ਦੀ ਨਜ਼ਰ ਸਵੱਲੀ ਹੋਵੇ ਉਸੇ ਨੂੰ ਮਿਲਦਾ ਹੈ। ਬਾਦਲ ਪਰਿਵਾਰ ਪੰਥ ਵੱਲੋਂ ਠੁਕਰਾਏ ਜਾਣ 'ਤੇ ਆਪਣੇ ਗੁਨਾਹਾਂ ਲਈ ਕਈ ਵਾਰ ਖਿਮਾ ਯਾਚਨਾ ਕੀਤੀ, ਖ਼ੁਦ ਲੰਗਰ ਦੇ ਭਾਂਡੇ ਅਤੇ ਸੰਗਤ ਦੇ ਜੋੜੇ ਸਾਫ਼ ਕੀਤੇ, ਅਖੰਡ ਪਾਠ ਕਰਾ ਕੇ ਅਰਦਾਸਾਂ ਵੀ ਕੀਤੀਆਂ ਪਰ ਬਖ਼ਸ਼ੇ ਉਸ ਵਕਤ ਗਏ ਜਦੋਂ ਤਖ਼ਤ ਸਾਹਿਬ ਵੱਲੋਂ ਤਲਬ ਕੀਤਾ ਗਿਆ।

ਮੁੱਖ ਮੰਤਰੀ ਭਗਵੰਤ ਮਾਨ ਸ਼੍ਰੋਮਣੀ ਕਮੇਟੀ ਬਾਰੇ ਕੋਈ ਗਲ ਰੱਖਣੀ ਚਾਹੁੰਦਾ ਹੈ ਤਾਂ ਉਹ ਪ੍ਰੈੱਸ ਕੋਲ ਕਿਸੇ ਵੀ ਵਕਤ ਰੱਖ ਸਕਦਾ ਹੈ, ਕੌਣ ਰੋਕਦਾ ? ਮਾਨ ਨੂੰ ਚਾਹੀਦਾ ਹੈ ਕਿ ਉਹ ਆਪਣੇ ਮਨ ਵਿੱਚੋਂ ਇਹ ਵਿਚਾਰ ਪੂਰੀ ਤਰ੍ਹਾਂ ਤਿਆਗ ਦੇਣ ਕਿ ਜਥੇਦਾਰ ਦੇ ਪਿੱਛੇ ਕੋਈ ਸਿਆਸੀ ਜਾਂ ਵਿਰੋਧੀ ਤਾਕਤਾਂ ਕੰਮ ਕਰ ਰਹੀਆਂ ਹਨ। ਭਾਵੇਂ ਕਿ ਜਥੇਦਾਰ 'ਚ ਕਮੀਆਂ ਹੀ ਕਿਉਂ ਨਾ ਹੋਣ ਪਰ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਤੀਨਿਧਤਾ ਕਰ ਰਹੇ ਹੁੰਦੇ ਹਨ । ਇਸ ਲਈ ਉਨ੍ਹਾਂ ਨੂੰ 'ਇਕ ਨਿਮਾਣੇ ਸਿੱਖ' ਵਜੋਂ ਪੇਸ਼ ਹੋਣਾ ਚਾਹੀਦਾ । ਉਨ੍ਹਾਂ ਨੂੰ ਕਿਸੇ ਤਰਾਂ ਦਾ ਹਠ ਨਹੀਂ ਕਰਨਾ ਚਾਹੀਦਾ, ਤਖ਼ਤ ਸਾਹਿਬ 'ਤੇ ਹਾਜ਼ਰ ਹੋ ਕੇ ਰੋਮ ਰੋਮ ਕਰਕੇ ਸਮਰਪਿਤ ਹੋਣ ਦਾ ਇਹ ਮੌਕਾ ਹੈ। ਇਸੇ ਸੰਦਰਭ 'ਚ ਕਹਿਣਾ ਚਾਹਾਂਗਾ ਕਿ 5 ਦਸੰਬਰ 2009 ਨੂੰ ਸਾਬਕਾ ਜਥੇਦਾਰ ਸ. ਦਰਸ਼ਨ ਸਿੰਘ ਰਾਗੀ ਇਕ ਮਾਮਲੇ 'ਚ ਪੇਸ਼ ਹੋਣ ਸਮੇਂ ਅਕਾਲ ਤਖ਼ਤ ਦੇ ਵਿਹੜੇ 'ਚ ਸਮਰਥਕਾਂ ਨਾਲ ਬੈਠੇ ਰਹੇ ਅਤੇ ਫਿਰ ਸਿੰਘ ਸਾਹਿਬਾਨ ਕੋਲ ਪੇਸ਼ ਹੋਣ ਦੀ ਥਾਂ ਆਪਣਾ ਪੱਖ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁਖ ਰੱਖ ਕੇ ਚਲੇ ਗਏ। ਇਸ ਵਰਤਾਰੇ ਨੂੰ ਜਥੇਦਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਯਾਦਾ ਤੇ ਸਿਧਾਂਤ ਦੀ ਘੋਰ ਉਲੰਘਣਾ ਕਰਾਰ ਦਿੱਤਾ ਅਤੇ ਪ੍ਰੋ. ਰਾਗੀ ਨੂੰ ਤਨਖ਼ਾਹੀਆ ਕਰਾਰ ਦਿੱਤਾ । ਇਸ ਲਈ ਭੁੱਲਾਂ ਦੀ ਖਿਮਾ ਜਾਚਨਾ ਲਈ ਇਕ ਨਿਮਾਣੇ ਸਿੱਖ ਵਜੋਂ ਪੇਸ਼ ਹੋਣ ਦਾ ਅਰਥ ਵਿਧੀਵਤ ਤਰੀਕੇ ਨਾਲ ਜਥੇਦਾਰ ਸਾਹਮਣੇ ਪੇਸ਼ ਹੋਣ ਅਤੇ ਗੁਰੂ 'ਤੇ ਭਰੋਸਾ ਰੱਖਣ ਦਾ ਹੈ।

ਸ੍ਰੀ ਅਕਾਲ ਤਖ਼ਤ ਤੋਂ ਝਿੜਕ ਜਾਂ ਤਨਖ਼ਾਹ ਕੋਈ ਸਜ਼ਾ ਨਹੀਂ, ਇਹ ਅਪਣੱਤ ਦਾ ਅਹਿਸਾਸ ਹੈ, ਜੋ ਨਕਾਰਾਤਮਿਕ ਵਿਚਾਰ ਤੇ ਜੀਵਨ 'ਚ ਆਈ ਢਲਿਆਈ ਨੂੰ ਸੇਵਾ ਅਤੇ ਸਿਮਰਨ ਨਾਲ ਦੂਰ ਕਰਕੇ ਚੜ੍ਹ ਦੀ ਕਲਾ ਦਾ ਜੀਵਨ ਪ੍ਰਦਾਨ ਕਰਨ ਦੀ ਪਿਆਰ ਭਰੀ ਅਸੀਸ ਹੈ। ਧਾਰਮਿਕ ਸਮਾਜਿਕ ਜਾਂ ਰਾਜਸੀ ਅਵੱਗਿਆ ਲਈ ਜੋ ਕੋਈ ਗੁਰਸਿੱਖ ਨਿਮਾਣਾ ਬਣ ਕੇ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਗੁਰੂ ਪੰਥ ਅੱਗੇ ਅਰਜੋਈ ਕਰਦਾ ਹੈ, ਉਸ ਨੂੰ ਤਨਖ਼ਾਹ ਲਾ ਕੇ ਬਖ਼ਸ਼ ਦਿਆਂ ਗੁਰੂ ਪੰਥ ਵਿੱਚ ਮੁੜ ਸ਼ਾਮਲ ਕਰ ਲਿਆ ਜਾਂਦਾ ਹੈ। ਇੱਥੇ ਗੁਰੂ ਨਾਨਕ ਦੇ ਘਰ ਦਾ ਨਿਰਾਦਰ ਵਾਲੇ ਭਾਈ ਸੱਤਾ ਅਤੇ ਭਾਈ ਬਲਵੰਡ ਨੂੰ ਪਸ਼ਚਾਤਾਪ ਕਰਨ 'ਤੇ ਮੁਆਫ਼ੀ ਹੀ ਨਹੀਂ ਸਗੋਂ ਵਡਿਆਈ ਵੀ ਮਿਲੀ। ਇਤਿਹਾਸ ਗਵਾਹ ਹੈ ਕਿ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਅਤੇ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ 1986 ਦੇ 'ਆਪ੍ਰੇਸ਼ਨ ਬਲੈਕ ਥੰਡਰ' ਲਈ, ਸਾਬਕਾ ਕੇਂਦਰੀ ਗ੍ਰਹਿ ਮੰਤਰੀ ਬੂਟਾ ਸਿੰਘ ਅਤੇ ਗਿਆਨੀ ਜ਼ੈਲ ਸਿੰਘ 1984 ਵਿੱਚ ਸਾਕਾ ਨੀਲਾ ਤਾਰਾ ਵਿੱਚ ਭੂਮਿਕਾ ਲਈ, ਨਿਹੰਗ ਮੁਖੀ ਬਾਬਾ ਸੰਤਾ ਸਿੰਘ ਸਾਕਾ ਨੀਲਾ ਤਾਰਾ ਦੌਰਾਨ ਨੁਕਸਾਨੇ ਗਏ ਅਕਾਲ ਤਖ਼ਤ ਦੀ ਸਰਕਾਰੀ 'ਕਾਰ ਸੇਵਾ' ਲਈ, ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਜਗਦੇਵ ਸਿੰਘ ਤਲਵੰਡੀ ਨੂੰ ਅਕਾਲੀ ਧੜਿਆਂ ਵਿੱਚ ਏਕਤਾ ਬਾਰੇ ਅਕਾਲ ਤਖ਼ਤ ਦੇ ਨਿਰਦੇਸ਼ਾਂ ਦੀ ਉਲੰਘਣਾ ਲਈ ਪਸ਼ਚਾਤਾਪ ਕਰਨ 'ਤੇ ਮੁਆਫ਼ੀ ਦਿੱਤੀ ਗਈ। ਸਿੱਖ ਦੀ ਹੋਂਦ ਹਸਤੀ ਸ੍ਰੀ ਅਕਾਲ ਤਖ਼ਤ ਨਾਲ ਜੁੜੀ ਹੈ, ਇਤਿਹਾਸ ਗਵਾਹ ਹੈ ਕਿ ਜਿਸ ਵੀ ਗੁਰਸਿੱਖ ਨੇ ਅਕਾਲ ਤਖ਼ਤ ਸਾਹਿਬ ਨੂੰ ਪਿੱਠ ਦਿਖਾਈ ਉਹ ਆਪਣੀ ਹੋਂਦ ਹਸਤੀ ਤੋਂ ਹੱਥ ਧੋ ਬੈਠਾ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**, 9781355522

# ਬਾਬਾ ਹੋਰੁ ਖਾਣਾ ਖੁਸੀ ਖੁਆਰੁ ॥
# ਜਿਤੁ ਖਾਧੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ

**ਧੰਨ ਧੰਨ** ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪਾਵਨ ਮੁਖਾਰਬਿੰਦ ਤੋਂ ਸਿਰੀ ਰਾਗ ਵਿੱਚ ਉਚਾਰਿਤ ਉਪਰੋਕਤ ਪਾਵਨ ਬਾਣੀ ਦੀਆਂ ਤੁੱਕਾਂ ਰਾਹੀ ਸਿੱਖਿਆ ਦੇ ਰਹੇ ਹਨ ਕਿ 'ਹੇ ਭਾਈ! ਜਿਨ੍ਹਾਂ ਪਦਾਰਥਾਂ ਦੇ ਖਾਣ ਨਾਲ ਸਰੀਰ ਰੋਗੀ ਹੋ ਜਾਂਦਾ ਹੈ ਅਤੇ ਮਨ ਵਿਚ ਮੰਦੇ ਖ਼ਿਆਲ ਤੁਰ ਪੈਂਦੇ ਹਨ, ਉਹਨਾਂ ਪਦਾਰਥਾਂ ਨੂੰ ਖਾਣ ਨਾਲ ਖ਼ੁਆਰ ਹੋਈਦਾ ਹੈ।1।



ਇਨਸਾਨ ਦੇ ਜੀਵਨ ਵਿੱਚ ਭੋਜਨ ਦੀ ਲੋੜ ਬੇਸ਼ੱਕ ਬਹੁਤ ਹੀ ਮਹੱਤਵਪੂਰਨ ਹੈ ਅਤੇ ਮਨੁੱਖ ਨੂੰ ਜ਼ਿੰਦਗੀ ਜਿਉਣ ਲਈ ਖਾਣ ਪੀਣ ਅਤੇ ਪਹਿਨਣ ਦੀ ਲੋੜ ਯੁੱਗਾਂ ਯੁੱਗਾਂ ਤੋਂ ਰਹੀ ਹੈ। ਇਤਿਹਾਸਿਕ ਤੱਥਾਂ ਦੇ ਹਵਾਲੇ ਤੋਂ ਇਹ ਸਿੱਧ ਹੁੰਦਾ ਹੈ ਕਿ ਜੇਕਰ ਮਨੁੱਖ ਦਾ ਖਾਣ ਪੀਣ ਸੰਤੁਲਿਤ ਨਾ ਹੋਵੇ ਤਾਂ ਉਹ ਛੋਟੀਆਂ ਵੱਡੀਆਂ ਬਿਮਾਰੀਆਂ ਦਾ ਸ਼ਿਕਾਰ ਬਣ ਜਾਂਦਾ ਹੈ। ਗੁਰੂ ਜੀ ਨੇ ਮਨੁੱਖ ਦੀ ਜ਼ਿੰਦਗੀ ਵਿਚ ਖਾਣ-ਪੀਣ, ਰਹਿਣ-ਸਹਿਣ ਅਤੇ ਆਚਰਨ ਨੂੰ ਵੀ ਆਤਮਿਕ ਉੱਚਾਈ ਨਾਲ ਜੋੜਿਆ ਹੈ। ਉਪਰੋਕਤ ਪੰਕਤੀਆਂ ਵਿੱਚ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਲੋਕਾਈ ਨੂੰ ਸੱਚਾ ਜੀਵਨ ਜੀਉਣ ਦੀ ਦਿਸ਼ਾ ਦਿੰਦੇ ਹਨ। ਆਪਣੀ ਬਾਣੀ ਰਾਹੀਂ ਸਤਿਗੁਰੂ ਨਾਨਕ ਦੇਵ ਜੀ ਮਨੁੱਖਾਂ ਨੂੰ ਭੋਗ-ਵਿਲਾਸ ਜਾਂ ਇੰਦਰ ਭੋਗਾਂ ਦੀ ਜ਼ਿੰਦਗੀ ਦੀ ਥਾਂ, ਆਤਮਿਕ ਖੁਰਾਕ ਅਤੇ ਸੰਤੋਖੀ ਜੀਵਨ ਜੀਣ ਦੀ ਪ੍ਰੇਰਨਾ ਦਿੰਦੇ ਹਨ।

**"ਇਸੁ ਦੇਹੀ ਅੰਦਰਿ ਪੰਚ ਚੋਰ ਵਸਹਿ, ਕਾਮੁ ਕ੍ਰੋਧੁ ਲੋਭੁ ਮੋਹੁ ਅਹੰਕਾਰਾ॥**
**ਅੰਮ੍ਰਿਤੁ ਲੂਟਹਿ, ਮਨਮੁਖ ਨਹੀ ਬੂਝਹਿ, ਕੋਇ ਨ ਸੁਣੈ ਪੂਕਾਰਾ"** (ਪੰ: 500)।

ਗੁਰਬਾਣੀ ਅਨੁਸਾਰ ਕਾਮ ,ਕ੍ਰੋਧ ,ਲੋਭ ,ਮੋਹ ਅਤੇ ਹੰਕਾਰ ਵਿਕਾਰ ਹਨ ਅਤੇ ਇਹ ਵਿਕਾਰ ਮਨੁੱਖ ਦੇ ਅਧਿਆਤਮਕ ਜੀਵਨ ਨੂੰ ਪ੍ਰਭਾਵਿਤ ਕਰ ਸਕਦੇ ਹਨ। ਗੁਰਬਾਣੀ ਮਨੁੱਖ ਨੂੰ ਇੰਨ੍ਹਾਂ ਪੰਜਾਂ ਵਿਕਾਰਾਂ ਤੋਂ ਬਚਣ ਦੀ ਤਾਕੀਦ ਕਰਦੀ ਹੈ। ਜਿਸ ਤਰਾਂ ਦੀ ਗੁਰਬਾਣੀ ਉਪਰੋਕਤ ਵਿਕਾਰਾਂ ਨੂੰ ਬਹੁਤ ਸਖਤ ਸ਼ਬਦਾਂ ਨਾਲ ਸੰਬੋਧਿਤ ਕਰਦੀ ਹੈ ।

**"ਫਿਟੁ ਇਵੇਹਾ ਜੀਵਿਆ, ਜਿਤੁ ਖਾਇ ਵਧਾਇਆ ਪੇਟੁ॥**
**ਨਾਨਕ ਸਚੇ ਨਾਮ ਵਿਣੁ, ਸਭੋ ਦੁਸਮਨੁ ਹੇਤੁ"** (ਪੰ: 790)

ਗੁਰਬਾਣੀ ਮਨੁੱਖ ਨੂੰ ਸਾਦਾ ਖਾਣ ਪੀਣ ਤੇ ਪਹਿਨਣ ਦੀ ਤਾਕੀਦ ਕਰਦੀ ਹੈ। ਗੁਰਬਾਣੀ ਅਨੁਸਾਰ ਖਾਣ ਪੀਣ ਦਾ ਇੱਕ ਸਾਦਾ ਜਿਹਾ ਸਿਧਾਂਤ ਦਿੱਤਾ ਗਿਆ ਹੈ ਉਹ ਖਾਣੇ ਪ੍ਰਵਾਨ ਹਨ ਜਿਸ ਨਾਲ ਇਨਸਾਨ ਦੀ ਮੱਤ ਬੁੱਧ ਉਸ ਦੇ ਕਾਬੂ ਵਿੱਚ ਹੋਵੇ ਅਤੇ ਇਨਸਾਨ ਕਦੀ ਵੀ ਉਹਨਾਂ ਖਾਣਿਆਂ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਦਾ ਹਿੱਸਾ ਨਾ ਬਣਾਵੇ ਜਿਸ ਨੂੰ ਖਾਣ ਨਾਲ ਉਸ ਦਾ ਮਨ ਵਿਕਾਰਾਂ ਆਦਿ ਨਾਲ ਭਰ ਜਾਵੇ।

**ਬਾਬਾ ਹੋਰੁ ਪੈਨਣੁ ਖੁਸੀ ਖੁਆਰੁ ॥**
**ਜਿਤੁ ਪੈਧੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ ॥1॥ ਰਹਾਉ ॥**

ਮਨੁੱਖ ਆਪਣਾ ਸਮੁੱਚਾ ਜੀਵਨ ਵੰਨ ਸੁਵੰਨੇ ਰਸਾਂ ਭਾਵ ਸੁਆਦਾਂ ਮਗਰ ਲੱਗ ਕੇ ਅਜ਼ਾਈਂ ਗਵਾ ਦਿੰਦਾ ਹੈ। ਲੋਕ ਆਪਣੇ ਲੀੜੇ ਲੱਤਿਆਂ ਦਾ ਵਿਸ਼ੇਸ਼ ਧਿਆਨ ਰੱਖਦਾ ਹੈ ਅਤੇ ਆਪਣੇ ਆਪ ਨੂੰ ਜ਼ਿਆਦਾ ਸੋਹਣਾ ਤੇ ਬਲਸ਼ਾਲੀ ਦਿਖਾਉਣ ਲਈ ਹਰ ਸੰਭਵ ਯਤਨ ਕਰਦਾ ਹੈ। ਗੁਰਬਾਣੀ ਇਸ ਸੰਦਰਭ ਵਿੱਚ ਮਨੁੱਖ ਦਾ ਮਾਰਗ ਦਰਸ਼ਨ ਕਰਦੀ ਹੈ ਕਿ ਮਨੁੱਖ ਨੂੰ ਅਧਿਆਤਮਕ ਪੈਂਡੇ ਤੇ ਤੁਰਨ ਲਈ ਕੀ ਖਾਣਾ ਚਾਹੀਦਾ ਹੈ, ਕੀ ਪਹਿਨਣਾ ਚਾਹੀਦਾ ਹੈ , ਕਿਵੇਂ ਜੀਣਾ ਚਾਹੀਦਾ ਹੈ ਆਦਿ ਅਤੇ ਗੁਰਬਾਣੀ ਉਪਰੋਕਤ ਦੀ ਜਰੂਰਤ ਕਿਉਂ ਹੈ ਬਾਬਤ ਵੀ ਮਨੁੱਖ ਨੂੰ ਸਪੱਸ਼ਟ ਰੂਪ ਵਿੱਚ ਸੇਧ ਦਿੰਦੀ ਹੈ।

ਅੱਜ ਦੀ ਤੇਜ਼ ਦੌੜ ਭਰੀ ਪਦਾਰਥਵਾਦੀ ਦੁਨੀਆਂ ਵਿੱਚ 'ਖੁਸ਼ੀ' ਦੀ ਪਰਿਭਾਸ਼ਾ ਹਰ ਕੋਈ ਆਪਣੇ-ਆਪਣੇ ਢੰਗ ਤੇ ਮਤ ਬੁੱਧ ਅਨੁਸਾਰ ਕਰ ਰਿਹਾ ਹੈ। ਕਿਸੇ ਲਈ ਖੁਸ਼ੀ ਨਵੇਂ ਲਿਬਾਸ, ਰਸ ਭਰੇ ਖਾਣੇ ਜਾਂ ਆਰਾਮਦਾਇਕ ਜੀਵਨ ਵਿਚ ਹੈ; ਕਿਸੇ ਹੋਰ ਲਈ ਇਹ ਰੁਤਬੇ, ਸ਼ੋਹਰਤ ਜਾਂ ਸੰਪਤੀ ਵਿਚ। ਪਰ ਕੀ ਇਹ ਖੁਸ਼ੀ ਚਿਰ ਸਥਾਈ ਹੁੰਦੀ ਹੈ ? ਕੀ ਇਹ ਧੁਰ ਅੰਦਰ ਤੱਕ ਪਹੁੰਚਦੀ ਹੈ ? ਇਸ ਸਵਾਲ ਦਾ ਗੰਭੀਰ ਉੱਤਰ ਗੁਰੂ ਨਾਨਕ ਦੇਵ ਜੀ ਦੀ ਬਾਣੀ ਵਿੱਚ ਮਿਲਦਾ ਹੈ, ਜੋ ਸਾਨੂੰ ਖ਼ੁਸ਼ੀ ਦੇ ਦੋ ਪੱਖਾਂ ਦੀ ਪਰਖ ਕਰਨਾ ਸਿਖਾਉਂਦੀ ਹੈ — ਸੰਸਾਰਕ (ਪਦਾਰਥਕ) ਅਤੇ ਆਤਮਿਕ (ਰੂਹਾਨੀ) ਖ਼ੁਸ਼ੀ।

**'ਖ਼ੁਸ਼ੀ' ਲਫ਼ਜ਼ ਫ਼ਾਰਸੀ ਭਾਸ਼ਾ ਤੋਂ ਆਇਆ ਹੈ, ਜਿਸ ਦੇ ਅਰਥ ਹਨ:**

1. ਪ੍ਰਸੰਨਤਾ, ਆਨੰਦ
2. ਖ਼ੂਬੀ ਜਾਂ ਨੇਕੀ

ਇਹ ਦੋ ਮੂਲ ਅਰਥ ਅਸੀਂ ਆਮ ਤੌਰ 'ਮਨ ਦੀ ਹਾਲਤ' ਅਤੇ 'ਆਚਰਣ ਦੀ ਗੁਣਵੱਤਾ' ਰੂਪ ਵਿੱਚ ਲੈ ਸਕਦੇ ਹਾਂ। ਪਰ ਗਹਿਰਾਈ ਨਾਲ ਵੇਖੀਏ ਤਾਂ ਖ਼ੁਸ਼ੀ ਦੇ ਵੀ ਦੋ ਸਰੋਤ ਹਨ:

ਸੰਸਾਰਕ ਖ਼ੁਸ਼ੀ, ਜੋ ਇੰਦਰੀਆਂ ਦੁਆਰਾ ਮਿਲਦੀ ਹੈ।

ਆਤਮਿਕ ਖ਼ੁਸ਼ੀ, ਜੋ ਮਨ ਤੇ ਆਤਮਾ ਦੀ ਗਹਿਰੀ ਜਾਗਰੂਕਤਾ ਰਾਹੀਂ ਪ੍ਰਾਪਤ ਹੁੰਦੀ ਹੈ।

**ਸੰਸਾਰਕ ਖ਼ੁਸ਼ੀ**-ਮਨੁੱਖ ਜਦ ਖ਼ੁਸ਼ੀ ਦੀ ਖੋਜ ਵਿਚ ਨਿਕਲਦਾ ਹੈ ਤਾਂ ਉਹ ਅਕਸਰ ਇਸਨੂੰ ਰੰਗ, ਰਸ, ਸਵਾਦ, ਗੰਧ ਅਤੇ ਸਪਰਸ਼ ਜਿਹੀਆਂ ਇੰਦਰੀ ਗਤੀਵਿਧੀਆਂ ਵਿਚ ਲੱਭਣ ਦੀ ਕੋਸ਼ਿਸ਼ ਕਰਦਾ ਹੈ। ਮਨ ਚਟਪਟੇ ਭੋਜਨ, ਕੀਮਤੀ ਲਿਬਾਸ, ਆਰਾਮਦਾਇਕ ਰਿਹਾਇਸ਼ ਜਾਂ ਆਨੰਦ ਦਾਇਕ ਸਾਧਨਾਂ ਰਾਹੀਂ ਖ਼ੁਸ਼ੀ ਦੀ ਤਲਾਸ਼ ਕਰਦਾ ਹੈ। ਪਰ ਇਹ ਇੰਦਰੀਗਤ ਆਨੰਦ ਇਕ ਗਿਣੇ ਮਿਥੇ ਸਮੇਂ ਤੱਕ ਹੀ ਬਣਿਆ ਰਹਿੰਦਾ ਹੈ — ਫਿਰ ਮਨ ਔਖਾ ਹੋ ਜਾਂਦਾ ਹੈ, ਨਵੀਂ ਲੋੜ , ਇੱਛਾ ਜਾਂ ਤਾਂਘ ਦੀ ਲਾਲਸਾ ਕਰਦਾ ਹੈ ਅਤੇ ਅਸਥਿਰਤਾ ਬਣੀ ਰਹਿੰਦੀ ਹੈ। ਇਹੋ ਅਸਥਿਰਤਾ ਮਨੁੱਖ ਨੂੰ ਥਕਾ ਦਿੰਦੀ ਹੈ, ਨਿਰਾਸ਼ ਕਰ ਦਿੰਦੀ ਹੈ, ਅਤੇ ਕਈ ਵਾਰ ਰੋਗਾਂ ਦਾ ਸਰੋਤ ਬਣ ਜਾਂਦੀ ਹੈ। ਭੋਗਾਂ ਦੀ ਲਾਲਸਾ ਨਾ ਸਿਰਫ ਸਰੀਰ ਨੂੰ ਪੀੜਿਤ ਕਰਦੀ ਹੈ ਸਗੋਂ ਮਨ ਨੂੰ ਵੀ ਵਿਗਾੜ ਦਿੰਦੀ ਹੈ।

**ਆਤਮਿਕ ਖ਼ੁਸ਼ੀ: ਨਿਰਮਲਤਾ ਦਾ ਆਨੰਦ**-ਇਸਦੇ ਉਲਟ ਆਤਮਿਕ ਖ਼ੁਸ਼ੀ ਇੱਕ ਅਜਿਹਾ ਅਨੁਭਵ ਹੈ ਜੋ ਕਿਸੇ ਵੀ ਪਦਾਰਥ ਜਾਂ ਭੌਤਿਕ ਮਾਧਿਅਮ 'ਤੇ ਆਧਾਰਿਤ ਨਹੀਂ। ਇਹ ਅੰਦਰੋਂ ਉਤਪੰਨ ਹੁੰਦੀ ਹੈ ਜਦ ਮਨੁੱਖ ਨਾਮ-ਸਿਮਰਨ ਕਰਦਾ ਹੈ, ਸੇਵਾ ਕਰਦਾ ਹੈ, ਨਿਰਹੰਕਾਰ ਤੇ ਸੰਤੋਖੀ ਜੀਵਨ ਜੀਉਂਦਾ ਹੈ। ਗੁਰੂ ਨਾਨਕ ਸਾਹਿਬ ਆਤਮਿਕ ਖ਼ੁਸ਼ੀ ਨੂੰ ਸਦੀਵੀ ਆਨੰਦ ਵਜੋਂ ਵੇਖਦੇ ਹਨ, ਜਿਸ ਵਿਚ ਨਾ ਕੋਈ ਰੋਗ, ਨਾ ਕੋਈ ਵਿਕਾਰ, ਨਾ ਕੋਈ ਲਾਲਚ ਪੈਦਾ ਹੁੰਦਾ ਹੈ।

**ਉਨ੍ਹਾਂ ਨੇ ਸਾਫ਼ ਸਿੱਖਿਆ ਦਿੱਤੀ:**

**"ਬਾਬਾ ਹੋਰ ਖਾਣਾ ਖੁਸ਼ੀ ਖੁਆਰ,**
**ਜਿਤੁ ਖਾਧੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ।"** (ਗੁਰੂ ਗ੍ਰੰਥ ਸਾਹਿਬ, ਅੰਗ 16)

ਇਸ ਪਵਿੱਤਰ ਸ਼ਬਦ ਰਾਹੀਂ ਗੁਰੂ ਸਾਹਿਬ ਸਖ਼ਤ ਚੇਤਾਵਨੀ ਦਿੰਦੇ ਹਨ ਕਿ ਸੰਸਾਰਕ ਸੁਖਾਂ ਦੀ ਲਾਲਸਾ ਆਖ਼ਰਕਾਰ ਮਨੁੱਖ ਨੂੰ ਅੰਦਰੋਂ ਜਲਾ ਦਿੰਦੀ ਹੈ ਮਨੁੱਖ ਦਾ ਤਨ ਵਿਕਾਰਾਂ ਨਾਲ ਪੀੜਤ ਹੋ ਜਾਂਦਾ ਹੈ, ਮਨ ਵਿਚ ਵਿਕਾਰ ਉੱਪਜਦੇ ਹਨ ਤੇ ਆਤਮਾ ਲਹੂ ਲੁਹਾਣ ਹੋ ਜਾਂਦੀ ਹੈ। ਭੁੱਲ ਚੁੱਕ ਦੀ ਖਿਮਾ

**-ਡਾ. ਸੁਰਿੰਦਰਪਾਲ ਸਿੰਘ,**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ

# ਅੰਬੈਸਡਰ ਫਾਰ ਪੀਸ ਅਤੇ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ



ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਨਮਾਨਿਤ ਕਰਦੇ ਪ੍ਰਬੰਧਕ, ਹਾਜ਼ਰੀ ਭਰਦੀਆਂ ਸਿੱਖ ਸੰਗਤਾਂ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਿਊਜ਼ੀਲੈਂਡ ਦੇ ਟੌਰੰਗਾ ਵਿਖੇ ਆਯੋਜਿਤ

# ਨਗਰ ਕੀਰਤਨ ਵਿਚ ਮੁੜ ਸਥਾਨਕ ਮਾਓਰੀ ਸਮੂਹਾਂ ਨੇ ਪਾਇਆ ਵਿਘਨ






**ਨਵੀਂ ਦਿੱਲੀ, 11 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:-ਨਿਊਜ਼ੀਲੈਂਡ ਦੇ ਟੌਰੰਗਾ ਵਿੱਚ ਸਿੱਖ ਭਾਈਚਾਰੇ ਵੱਲੋਂ ਆਯੋਜਿਤ ਨਗਰ ਕੀਰਤਨ ਨੂੰ ਇੱਕ ਵਾਰ ਫਿਰ ਸਥਾਨਕ ਮਾਓਰੀ ਸਮੂਹਾਂ ਨੇ ਵਿਘਨ ਪਾਇਆ। ਹਾਲਾਂਕਿ, ਪੁਲਿਸ ਅਤੇ ਸਿੱਖ ਭਾਈਚਾਰੇ ਦੇ ਵਲੰਟੀਅਰਾਂ ਦੀ ਚੌਕਸੀ ਕਾਰਨ, ਧਾਰਮਿਕ ਸਮਾਗਮ ਸ਼ਾਂਤੀਪੂਰਵਕ ਨੇਪਰੇ ਚੜ੍ਹ ਗਿਆ। ਗੁਰਦੁਆਰਾ ਸਿੱਖ ਸੰਗਤ, ਟੌਰੰਗਾ ਵਿਖੇ ਅਖੰਡ ਪਾਠ ਦੇ ਭੋਗ ਤੋਂ ਬਾਅਦ ਨਗਰ ਕੀਰਤਨ ਸ਼ੁਰੂ ਹੋਇਆ। ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋਇਆ ਅਤੇ ਕੈਮਰਨ ਰੋਡ 'ਤੇ ਟੌਰੰਗਾ ਬੁਆਏਜ਼ ਕਾਲਜ ਵੱਲ ਚੱਲ ਪਿਆ। ਸਥਾਨਕ ਪ੍ਰਸ਼ਾਸਨ ਪਹਿਲਾਂ ਹੀ ਸੰਭਾਵੀ ਤਣਾਅ ਦਾ ਅੰਦਾਜ਼ਾ ਲਗਾ ਕੇ ਚੌਕਸ ਸੀ ਅਤੇ ਪੁਲਿਸ ਨੇ ਪੂਰੇ ਰਸਤੇ 'ਤੇ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਸਨ। ਸਿੱਖ ਭਾਈਚਾਰੇ ਨੇ ਵੀ ਸਮਾਗਮ ਨੂੰ ਪੂਰੀ ਤਰ੍ਹਾਂ ਸ਼ਾਂਤੀਪੂਰਨ ਰੱਖਣ ਲਈ ਵੱਡੀ ਗਿਣਤੀ ਵਿੱਚ ਵਲੰਟੀਅਰਾਂ ਨੂੰ ਵੀ ਤਾਇਨਾਤ ਕੀਤਾ ਸੀ। ਇਸ ਦੌਰਾਨ ਨਗਰ ਕੀਰਤਨ ਨੂੰ ਮੁੜ ਰੋਕਿਆ ਗਿਆ ਅਤੇ ਬ੍ਰਾਇਨ ਤਮਾਕੀ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਸੜਕਾਂ 'ਤੇ ਉਤਰ ਕੇ ਰਵਾਇਤੀ ਹਾਕਾ ਨੱਚ ਕੇ ਵਿਰੋਧ ਪ੍ਰਦਰਸ਼ਨ ਕਰਦਿਆਂ ਉਨ੍ਹਾਂ ਨੇ ਨਾਅਰੇਬਾਜ਼ੀ ਵੀ ਕੀਤੀ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਜਨਤਕ ਸੜਕਾਂ 'ਤੇ ਤਲਵਾਰਾਂ ਅਤੇ ਝੰਡੇ ਲਹਿਰਾਉਣ ਦੀ ਇਜਾਜ਼ਤ ਕਿਸਨੇ ਦਿੱਤੀ ਅਤੇ ਉਹ ਆਪਣੇ ਦੇਸ਼ ਦੇ ਸੱਭਿਆਚਾਰ ਨਾਲ ਕੋਈ ਸਮਝੌਤਾ ਨਹੀਂ ਕਰਨ ਦੇਣਗੇ। ਉਨ੍ਹਾਂ ਦਾਅਵਾ ਕੀਤਾ ਕਿ ਉਹ ਸੜਕਾਂ ਅਤੇ ਗਲੀਆਂ ਨੂੰ ਕਿਸੇ ਵੀ ਤਰ੍ਹਾਂ ਸਥਾਨਕ ਸੱਭਿਆਚਾਰ ਨੂੰ ਨੁਕਸਾਨ ਪਹੁੰਚਾਉਣ ਲਈ ਨਹੀਂ ਵਰਤਣ ਦੇਣਗੇ। ਪੁਲਿਸ ਅਤੇ ਸਿੱਖ ਵਲੰਟੀਅਰਾਂ ਵਿਚਕਾਰ ਸ਼ਾਨਦਾਰ ਤਾਲਮੇਲ ਕਾਰਨ, ਸਥਿਤੀ ਨੂੰ ਜਲਦੀ ਹੀ ਕਾਬੂ ਵਿੱਚ ਕਰ ਲਿਆ ਗਿਆ। ਅਧਿਕਾਰੀਆਂ ਦੀ ਤੁਰੰਤ ਕਾਰਵਾਈ ਅਤੇ ਪ੍ਰਬੰਧਕਾਂ ਦੀ ਸੰਜਮ ਕਾਰਨ, ਨਗਰ ਕੀਰਤਨ ਬਿਨਾਂ ਕਿਸੇ ਵੱਡੇ ਵਿਵਾਦ ਦੇ ਸਫਲਤਾਪੂਰਵਕ ਸੰਪੂਰਨ ਹੋਇਆ। ਇਹ ਧਿਆਨ ਦੇਣ ਯੋਗ ਹੈ ਕਿ 21 ਦਸੰਬਰ, 2025 ਨੂੰ ਨਿਊਜ਼ੀਲੈਂਡ ਵਿੱਚ ਸਿੱਖ ਭਾਈਚਾਰੇ ਵੱਲੋਂ ਆਯੋਜਿਤ ਕੀਤੇ ਗਏ ਇੱਕ ਪੁਰਾਣੇ ਨਗਰ ਕੀਰਤਨ ਵਿੱਚ ਵੀ ਵਿਘਨ ਪਿਆ ਸੀ। ਇਹ ਘਟਨਾ ਦੱਖਣੀ ਆਕਲੈਂਡ ਖੇਤਰ ਵਿੱਚ ਵਾਪਰੀ। ਪ੍ਰਦਰਸ਼ਨਕਾਰੀਆਂ ਨੇ ਨਗਰ ਕੀਰਤਨ ਦਾ ਰਸਤਾ ਰੋਕ ਦਿੱਤਾ ਅਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਊਜ਼ੀਲੈਂਡ ਅੰਦਰ ਸਿੱਖਾਂ ਵੱਲੋਂ ਸ਼ਾਂਤੀਪੂਰਵਕ ਅਤੇ ਧਾਰਮਿਕ ਮਰਿਆਦਾ ਅਨੁਸਾਰ ਸਜਾਏ ਗਏ ਨਗਰ ਕੀਰਤਨ ਦਾ ਸਥਾਨਕ ਕੁਝ ਲੋਕਾਂ ਵੱਲੋਂ ਇੱਕ ਵਾਰ ਫਿਰ ਵਿਰੋਧ ਕੀਤੇ ਜਾਣ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਨਿਊਜ਼ੀਲੈਂਡ ਅੰਦਰ ਅਜਿਹਾ ਦੂਜੀ ਵਾਰ ਹੋਇਆ ਹੈ, ਜਿਸ ਨੇ ਸਿੱਖ ਸੰਗਤਾਂ ਨੂੰ ਨਿਰਾਸ਼ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਵਿਸ਼ਵ ਭਾਈਚਾਰੇ ਦੀ ਮਜਬੂਤੀ ਲਈ ਆਪਣਾ ਮਿਸਾਲੀ ਯੋਗਦਾਨ ਪਾਉਣ ਵਾਲੇ ਸਿੱਖ ਭਾਈਚਾਰੇ ਦੀਆਂ ਧਾਰਮਿਕ ਰਵਾਇਤਾਂ ਨੂੰ ਨਫ਼ਰਤੀ ਨਜ਼ਰੀਏ ਨਾਲ ਦੇਖਿਆ ਜਾਣਾ ਠੀਕ ਨਹੀਂ ਹੈ।

ਉਨ੍ਹਾਂ ਕਿਹਾ ਕਿ ਨਗਰ ਕੀਰਤਨ ਸਿੱਖ ਧਰਮ ਦੀ ਇੱਕ ਪਵਿੱਤਰ ਧਾਰਮਿਕ ਪਰੰਪਰਾ ਹੈ ਜਿਸ ਦਾ ਵਿਰੋਧ ਸਿੱਖ ਧਰਮ ਦੀਆਂ ਮਾਨਵ ਹਿਤੈਸ਼ੀ ਕਦਰਾਂ ਕੀਮਤਾਂ ਦੇ ਨਾਲ ਨਾਲ ਸਮਾਜ ਦੀ ਆਪਸੀ ਸਾਂਝ ਲਈ ਵੀ ਚੁਣੌਤੀ ਹੈ।

**ਨਗਰ ਕੀਰਤਨ ਦਾ ਵਿਰੋਧ ਕੀਤੇ ਜਾਣ ਦੀ ਐਡਵੋਕੇਟ ਧਾਮੀ ਨੇ ਕੀਤੀ ਨਿੰਦਾ ਅਤੇ ਕਿਹਾ ਦੂਜੀ ਵਾਰ ਅਜਿਹਾ ਕੀਤਾ ਜਾਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ**

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਕਮੇਟੀ ਚੋਣਾਂ ਪੰਥ ਦਾ ਭਵਿੱਖ ਤੈਅ ਕਰਨਗੀਆਂ - ਗਿਆਨੀ ਹਰਪ੍ਰੀਤ ਸਿੰਘ

# 328 ਸਰੂਪਾਂ 'ਤੇ ਚੁੱਪੀ ਪੰਥ ਨਾਲ ਨਿਆਂ ਨਹੀਂ ਪੰਜਾਬ ਨੂੰ ਨਵੀਂ ਪੰਥਕ-ਸਿਆਸੀ ਦਿਸ਼ਾ ਦੀ ਲੋੜ - ਗਿਆਨੀ ਹਰਪ੍ਰੀਤ ਸਿੰਘ

**ਜੰਡਿਆਲਾ ਗੁਰੂ, 11 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਅੱਜ ਜੰਡਿਆਲਾ ਗੁਰੂ ਦੇ ਪਿੰਡ ਜਾਣੀਆਂ ਵਿੱਚ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸੰਬੋਧਨ ਕਰਦਿਆ ਹੋਇਆ ਕਿਹਾ ਹੈ ਕਿ ਅੱਜ ਪੰਜਾਬ ਅਤੇ ਪੰਥ ਦੋਵੇਂ ਇਕ ਅਜਿਹੇ ਮੋੜ 'ਤੇ ਖੜ੍ਹੇ ਹਨ, ਜਿੱਥੇ ਸਿਆਸੀ ਸਹੂਲਤ ਨਹੀਂ ਸਗੋਂ ਸੱਚੀ ਪੰਥਕ ਏਕਤਾ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਥਕ ਮਸਲਿਆਂ ਨੂੰ ਨਿੱਜੀ ਲਾਭ ਜਾਂ ਪਾਰਟੀਬਾਜ਼ੀ ਦੀ ਨਜ਼ਰ ਨਾਲ ਦੇਖਣਾ ਪੰਥ ਨਾਲ ਧੋਖਾ ਹੈ। ਇਹ ਪ੍ਰਗਟਾਵਾ ਉਨ੍ਹਾਂ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਜ਼ਿਲਾ ਪ੍ਰਧਾਨ ਅੰਮ੍ਰਿਤਸਰ ਦਿਹਾਤੀ ਦਲਜਿੰਦਰਬੀਰ ਸਿੰਘ ਵਿਰਕ ਦੇ ਗ੍ਰਹਿ ਵਿਖੇ ਇਕ ਅਹਿਮ ਪ੍ਰੈਸ ਕਾਨਫਰੰਸ ਦੌਰਾਨ ਕੀਤਾ । ਇਸ ਮੌਕੇ ਅਕਾਲੀ ਦਲ ਪੁਨਰ-ਸੁਰਜੀਤ ਦੀ ਸੀਨੀਅਰ ਲੀਡਰਸ਼ਿਪ ਵੀ ਹਾਜ਼ਰ ਰਹੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਥਕ ਵੰਡ ਨੇ ਹਮੇਸ਼ਾ ਪੰਥ ਨੂੰ ਕਮਜ਼ੋਰ ਕੀਤਾ ਹੈ ਅਤੇ ਬਾਹਰੀ ਤਾਕਤਾਂ ਨੂੰ ਮਜ਼ਬੂਤ ਕੀਤਾ । ਉਨ੍ਹਾਂ ਅਪੀਲ ਕੀਤੀ ਕਿ ਸਿੱਖ ਕੌਮ ਅੰਦਰੂਨੀ ਖਿੱਚਾਂ ਤੋਂ ਉੱਪਰ ਉੱਠ ਕੇ ਸਾਂਝੇ ਮਸਲਿਆਂ 'ਤੇ ਇਕਜੁੱਟ ਹੋਵੇ, ਨਹੀਂ ਤਾਂ ਇਸ ਦੀ ਕੀਮਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਭੁਗਤਣੀ ਪਵੇਗੀ। ਐਸਜੀਪੀਸੀ ਚੋਣਾਂ ਸਬੰਧੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਚੋਣਾਂ ਸਿਰਫ਼ ਪ੍ਰਬੰਧਕ ਬਦਲਣ ਦੀ ਕਾਰਵਾਈ ਨਹੀਂ, ਸਗੋਂ ਪੰਥ ਦੀ ਦਿਸ਼ਾ ਤੈਅ ਕਰਨ ਵਾਲਾ ਫ਼ੈਸਲਾ ਹੋਵੇਗਾ । ਉਨ੍ਹਾਂ ਮੰਗ ਕੀਤੀ ਕਿ ਐਸਜੀਪੀਸੀ ਚੋਣਾਂ ਪੂਰੀ ਪਾਰਦਸਤਾ , ਨਿਰਪੱਖਤਾ ਅਤੇ ਪੰਥਕ ਮਰਿਆਦਾ ਅਨੁਸਾਰ ਕਰਵਾਈਆਂ ਜਾਣ ਤਾਂ ਜੋ ਸੰਸਥਾ 'ਤੇ ਸੰਗਤ ਦਾ ਭਰੋਸਾ ਮੁੜ ਬਣ ਸਕੇ। 328 ਸਰੂਪਾਂ ਦੇ ਲਾਪਤਾ ਹੋਣ ਦੇ ਮਾਮਲੇ 'ਤੇ ਗਹਿਰੀ ਚਿੰਤਾ ਜਿਤਾਉਂਦੇ ਹੋਏ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਮਸਲਾ ਸਿਰਫ਼ ਕਾਗਜ਼ੀ ਰਿਕਾਰਡ ਜਾਂ ਜਾਂਚ ਕਮੇਟੀਆਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਦੋਸ਼ੀਆਂ ਦੀ ਸਪਸ਼ਟ ਜਵਾਬਦੇਹੀ ਤੈਅ ਕਰਨ ਅਤੇ ਸੱਚ ਸੰਗਤ ਦੇ ਸਾਹਮਣੇ ਲਿਆਂਦੇ ਜਾਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਸ ਮਾਮਲੇ 'ਚ ਕੋਈ ਵੀ ਸਮਝੌਤਾ ਪੰਥ ਨਾਲ ਨਿਆਂ ਨਹੀਂ ਹੋਵੇਗਾ। ਗਿਆਨੀ ਹਰਪ੍ਰੀਤ ਸਿੰਘ ਨੇ ਸਪਸ਼ਟ ਕੀਤਾ ਕਿ ਅਕਾਲੀ ਦਲ ਪੁਨਰ-ਸੁਰਜੀਤ ਕਿਸੇ ਇੱਕ ਵਿਅਕਤੀ ਜਾਂ ਸੱਤਾ ਦੀ ਲਾਲਸਾ ਲਈ ਨਹੀਂ, ਸਗੋਂ ਪੰਜਾਬ ਅਤੇ ਪੰਥ ਦੀ ਭਲਾਈ ਲਈ ਬਣਾਈ ਗਈ ਪਾਰਟੀ ਹੈ। ਇਹ ਪਾਰਟੀ ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ ਅਤੇ ਪੰਥਕ ਸੋਚ ਵਾਲੇ ਲੋਕਾਂ ਨੂੰ ਨਾਲ ਲੈ ਕੇ ਪੰਜਾਬ ਨੂੰ ਇਕ ਨਵੀਂ ਸਿਆਸੀ ਦਿਸ਼ਾ ਦੇਣ ਲਈ ਕੰਮ ਕਰੇਗੀ। ਉਨ੍ਹਾਂ ਇਕ ਪਲੇਟਫਾਰਮ ਤੇ ਇੱਕਠੇ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਸੁੱਚਾ ਸਿੰਘ ਛੋਟੇਪੁਰ ਸੀਨੀਅਰ ਮੀਤ ਪ੍ਰਧਾਨ, ਗੋਪਾਲ ਸਿੰਘ ਮੈਂਬਰ ਐਸ ਜੀ ਪੀ ਸੀ, ਅਜੇਪਾਲ ਸਿੰਘ ਮੀਰਾਂਕੋਟ ਮੈਂਬਰ PAC, ਦਲਜਿੰਦਰ ਬੀਰ ਸਿੰਘ ਵਿਰਕ ਜਿਲ੍ਹਾ ਪ੍ਰਧਾਨ, ਮਨਿੰਦਰ ਸਿੰਘ ਧੁੰਨਾ ਜਿਲ੍ਹਾ ਪ੍ਰਧਾਨ ਸ਼ਹਿਰੀ,ਬੀਬੀ ਮਲਕੀਤ ਕੌਰ ਬੈਰੀਕੇਟ SAD, ਯੋਗਰਾਜ ਸਿੰਘ ਧੂਲਕਾ, ਬਚਿੱਤਰ ਸਿੰਘ ਜਾਣੀਆ, ਚਰਨਜੀਤ ਸਿੰਘ ਮੱਖਣਵਿੰਡੀ, ਗੁਰਦੇਵ ਸਿੰਘ ਤਿੰਮੋਵਾਲ, ਭੁਪਿੰਦਰ ਸਿੰਘ ਜਾਣੀਆ, ਜਗਵੰਤ ਸਿੰਘ ਜਾਣੀਆ, ਕੇਵਲ ਸਿੰਘ ਖਾਲਸਾ, ਹਰਜਿੰਦਰ ਸਿੰਘ ਜਾਣੀਆ, ਇਕਬਾਲ ਸਿੰਘ ਜਲਾਲ, ਬਲਵਿੰਦਰ ਸਿੰਘ ਪੰਚ , ਸਰਬਜੀਤ ਸਿੰਘ ਨਰੈਣਗੜ, ਮਨਜਿੰਦਰ ਸਿੰਘ ਖੱਖ,ਸਰੂਪ ਸਿੰਘ ਆਦਿ ਹਾਜ਼ਰ ਸਨ!



ਆਵਾਜ਼ਿ ਕੌਮ AWAZE QAUM International Newspaper & WEB TV

# 18 ਨੂੰ ਮਜੀਠਾ 'ਚ ਹੋਣ ਵਾਲੀ ਰੈਲੀ ਇਤਿਹਾਸਕ ਹੋਵੇਗੀ : ਪਰਮਜੀਤ ਸਿੰਘ ਬਾਠ ਮੱਤੇਵਾਲ



**ਚੌਕ ਮਹਿਤਾ, 11 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ 18 ਜਨਵਰੀ ਨੂੰ ਹੋ ਰਹੀ ਰੈਲੀ ਇਤਿਹਾਸਕ ਹੋਵੇਗੀ ਜਿਸ ਸਬੰਧੀ ਹਲਕਾ ਮਜੀਠਾ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ। ਇਹ ਪ੍ਰਗਟਾਵਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਬਲਜੀਤ ਕੌਰ ਅਤੇ ਉਨ੍ਹਾਂ ਦੇ ਪਤੀ ਪਰਮਜੀਤ ਸਿੰਘ ਬਾਠ ਮੱਤੇਵਾਲ ਨੇ ਇਲਾਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਆਗੂਆਂ ਨੇ ਕਿਹਾ ਕਿ ਮਜੀਠਾ ਹਲਕੇ 'ਚ ਹੋ ਰਹੀ ਇਸ ਰੈਲੀ ਵਿੱਚ ਠਾਠਾਂ ਮਾਰਦਾ ਇਕੱਠ ਇਹ ਦੱਸ ਦੇਵੇਗਾ ਕਿ ਲੋਕ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਟਾਨ ਵਾਂਗ ਖੜੇ ਹਨ ਅਤੇ ਇਸ ਰੈਲੀ ਨੂੰ ਸਫਲ ਬਣਾਉਣ ਲਈ ਤਲਬੀਰ ਸਿੰਘ ਗਿੱਲ ਵਲੋਂ ਹਲਕੇ ਨੂੰ ਜ਼ੋਨਾਂ 'ਚ ਵੰਡ ਕੇ ਪਿੰਡ ਪੱਧਰ 'ਤੇ ਆਪ ਦੇ ਆਗੂਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਉਕਤ ਆਗੂਆਂ ਨੇ ਕਿਹਾ ਕਿ ਇਹ ਰੈਲੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਦੀਆਂ ਚੋਣਾਂ ਵਿਚ ਆਪ ਉਮੀਦਵਾਰਾਂ ਦੀ ਵੱਡੀ ਜਿੱਤ ਦਾ ਧੰਨਵਾਦ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਪਾਰਟੀ ਦੇ ਹੋਰ ਸੀਨੀਅਰ ਆਗੂ ਉਚੇਚੇ ਤੱਰ 'ਤੇ ਪਹੁੰਚ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਹਰਪਾਲ ਸਿੰਘ ਮੱਤੇਵਾਲ, ਡਾਕਟਰ ਬਲਵਿੰਦਰ ਸਿੰਘ, ਸੁਲੱਖਣ ਸਿੰਘ ਮੱਤੇਵਾਲ, ਤਰਸੇਮ ਸਿੰਘ ਗਾਰਡ, ਗੁਰਸੇਵਕ ਸਿੰਘ, ਬਲਦੇਵ ਸਿੰਘ, ਜਸਪਾਲ ਸਿੰਘ, ਹਰਦੇਵ ਸਿੰਘ, ਫੁੰਮਣ ਸਿੰਘ ਸਾਰੇ ਹੀ ਮੈਂਬਰ ਪੰਚਾਇਤ ਮੱਤੇਵਾਲ, ਰਾਣਾ ਜਿਊਲਰਜ਼, ਦਵਿੰਦਰ ਸਿੰਘ ਟੇਲਰ ਮੱਤੇਵਾਲ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਸਰਪੰਚ ਪ੍ਰੇਮ ਸਿੰਘ ਤਰਫਾਨ, ਬਲਕਾਰ ਸਿੰਘ, ਸਤਨਾਮ ਸਿੰਘ ਮੱਤੇਵਾਲ ਅਤੇ ਹੋਰ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿਛਲੇ ਲੰਮੇ ਸਮੇਂ ਤੋਂ ਮਿਹਨਤ ਕਰਦੇ ਆ ਰਹੇ ਆਗੂਆਂ ਨੂੰ ਨਵੀਆਂ ਨਿਯੁਕਤੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ



ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ )ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਆਮ ਆਦਮੀ ਪਾਰਟੀ ਦੇ ਵਿੱਚ ਪਿਛਲੇ ਲੰਮੇ ਸਮੇਂ ਤੋਂ ਮਿਹਨਤ ਕਰਦੇ ਆ ਰਹੇ ਆਗੂਆਂ ਨੂੰ ਨਵੀਆਂ ਨਿਯੁਕਤੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ। ਇਸੇ ਹੀ ਤਹਿਤ ਪਿਛਲੇ ਲੰਬੇ ਸਮੇਂ ਤੋਂ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਦੇ ਆ ਰਹੇ ਉੱਘੇ ਸਮਾਜ ਸੇਵੀ ਕੁਲਦੀਪ ਸਿੰਘ ਬੁੱਟਰ ਨੂੰ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕੁਲਦੀਪ ਸਿੰਘ ਬੁੱਟਰ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜ਼ਿੰਮੇਦਾਰੀ ਨੂੰ ਤਨਦੇਹੀ ਤੇ ਇੱਥੇ ਇਮਾਨਦਾਰੀ ਨਾਲ ਨਿਭਾਉਣਗੇ ਪਾਰਟੀ ਦੀ ਪਹਿਲਾਂ ਵਾਂਗੂ ਦਿਨ ਰਾਤ ਸੇਵਾ ਕਰਦੇ ਰਹਿਣਗੇ। ਉਹਨਾਂ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ। ਜਿਨਾਂ ਨੇ ਉਹਨਾਂ ਦੀ ਪਾਰਟੀ ਪ੍ਰਤੀ ਸੇਵਾ ਭਾਵਨਾ ਨੂੰ ਵੇਖਦਿਆਂ ਹੋਇਆਂ ਸੇਵਾ ਕਰਨ ਦਾ ਮੌਕਾ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਜਸਵੀਰ ਸਿੰਘ ਜੱਜ ਨੇ ਐਮਸੀ ਚੋਣਾਂ ਲੜਨ ਦਾ ਕੀਤਾ ਐਲਾਨ



ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿੱਚ ਵਾਰਡ ਨੰਬਰ 11 ਅਤੇ ਵਾਰਡ ਨੰਬਰ 12 ਵਿੱਚ ਪਿਛਲੇ ਲੰਮੇ ਸਮੇਂ ਤੋਂ ਮਿਹਨਤ ਕਰਦੇ ਆ ਰਹੇ ਉੱਘੇ ਸਮਾਜ ਸੇਵੀ ਜਸਵੀਰ ਸਿੰਘ ਜੱਜ ਨੇ ਐਮਸੀ ਦੀਆਂ ਚੋਣਾਂ ਲੜਨ ਦਾ ਐਲਾਨ ਕਰ ਦਿੱਤਾ ਹੈ ਇਸ ਐਲਾਨ ਦੇ ਨਾਲ ਵਾਰਡ ਨੰਬਰ 11 ,12 ਵਿੱਚ ਉਹਨਾਂ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਉੱਘੇ ਸਮਾਜ ਸੇਵੀ ਜਸਬੀਰ ਸਿੰਘ ਜੱਜ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਕਿਹਾ ਕਿ ਉਹ ਵਾਰਡ ਨੰਬਰ 11 ਅਤੇ 12 ਵਿੱਚੋਂ ਚੋਣ ਲੜ ਸਕਦੇ ਹਨ। ਉਹਨਾਂ ਕਿਹਾ ਕਿ ਇਹਨਾਂ ਦੋਵਾਂ ਵਾਰਡਾਂ ਵਿੱਚ ਸਰਕਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਦੇ ਤਹਿਤ ਚੋਣਾਂ ਲੜੀਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲੀ ਦਲ ਨੇ ਹਮੇਸ਼ਾ ਪੰਜਾਬ, ਪੰਜਾਬੀਆਂ ਅਤੇ ਸਿੱਖ ਭਾਈਚਾਰੇ ਦੇ ਹੱਕਾਂ ਲਈ ਲੜਾਈ ਲੜੀ-ਰੰਧਾਵਾ



ਧੂਰੀ (ਰਣਜੀਤ ਸਿੰਘ ਪੇਧਨੀ ) ਸਰੋਮਣੀ ਅਕਾਲੀ ਦਲ ਨੇ ਹਮੇਸ਼ਾ ਪੰਜਾਬ, ਪੰਜਾਬੀਆਂ ਅਤੇ ਸਿੱਖ ਭਾਈਚਾਰੇ ਦੇ ਹੱਕਾਂ ਲਈ ਲੜਾਈ ਲੜੀ ਹੈ,ਉਸ ਨੂੰ ਦੇਖਦੇ ਹੋਏ ਇਹ ਸਪੱਸ਼ਟ ਹੈ ਕਿ ਭਵਿੱਖ ਇੱਕ ਵਾਰ ਫਿਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਜਾ ਰਹੀ ਹੈ। ਜਿਸ ਵਿੱਚ ਸ, ਸੁਖਵੀਰ ਸਿੰਘ ਬਾਦਲ ਦਾ ਹਰ ਹਲਕੇ ਵਿੱਚ ਜਾ ਕੇ ਪਾਰਟੀ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਅਹਿਮ ਯੋਗਦਾਨ ਵਜੋਂ ਸਾਬਤ ਹੋ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਧੂਰੀ ਤੋਂ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਜਿਨ੍ਹਾਂ ਗੰਭੀਰ ਸੰਕਟਾਂ ਦਾ ਸਾਹਮਣਾ ਕਰ ਰਿਹਾ ਹੈ,ਉਨ੍ਹਾਂ ਨੂੰ ਹੱਲ ਕਰਨ ਲਈ ਸਿਰਫ਼ ਇੱਕ ਮਜ਼ਬੂਤ ਖੇਤਰੀ ਪਾਰਟੀ ਹੀ ਕੰਮ ਕਰ ਸਕਦੀ ਹੈ। ਦਿੱਲੀ ਦੀਆਂ ਪਾਰਟੀਆਂ ਨੇ ਪਾਣੀ,ਪੂੰਜੀ ਅਤੇ ਭਾਸ਼ਾ ਦੇ ਮੁੱਦਿਆਂ ਤੇ ਹਮੇਸ਼ਾ ਸੂਬੇ ਨਾਲ ਵਿਤਕਰਾ ਕੀਤਾ ਹੈ ਉਨ੍ਹਾਂ ਅਨੁਸਾਰ, ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਦੀ ਰਾਖੀ ਲਈ ਮਜ਼ਬੂਤੀ ਨਾਲ ਖੜ੍ਹਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਅਕਾਲੀ ਦਲ ਦੇ ਵਰਕਰ ਪਾਰਟੀ ਦੇ ਨਾਲ ਚੱਟਾਨ ਵਾਂਗ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਵਿੱਚ ਨਵੀਂ ਜਾਨ ਫੂਕੀ ਹੈ। ਸਿੱਟੇ ਵਜੋਂ, ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਕਮੇਟੀ ਚੋਣਾਂ ਵਿੱਚ ਪਾਰਟੀ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ ਹੈ, ਅਕਾਲੀ ਦਲ ਪੰਜਾਬੀਆਂ ਦੀ ਪਾਰਟੀ ਹੈ ਅਤੇ ਪੰਜਾਬ ਦੇ ਲੋਕ ਇਸ ਨੂੰ ਸਮਝ ਚੁੱਕੇ ਹਨ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਿਛਲੇ ਸਮੇਂ ਵਿੱਚ ਹੜ੍ਹਾਂ ਦੌਰਾਨ ਪੰਜਾਬੀਆਂ ਦਾ ਸਾਥ ਦਿੱਤਾ ਅਤੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਕਮੇਟੀ ਚੋਣਾਂ ਵਿੱਚ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਰਹੇ। ਇਸੇ ਕਰਕੇ ਸ਼੍ਰੋਮਣੀ ਅਕਾਲੀ ਦਲ ਇੱਕ ਵਾਰ ਫਿਰ ਪੰਜਾਬ ਵਿੱਚ ਨੰਬਰ ਇੱਕ ਪਾਰਟੀ ਵਜੋਂ ਉਭਰਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨਾ ਸਮੇਂ ਦੀ ਮੁੱਖ ਲੋੜ ਹੈ ਤਾਂ ਜੋ ਪੰਜਾਬ ਨੂੰ ਮੁੜ ਵਿਕਾਸ ਦੇ ਰਾਹ 'ਤੇ ਲਿਆਂਦਾ ਜਾ ਸਕੇ।

### ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਪੁਰਬ

# "ਹਿੰਦ ਦੀ ਚਾਦਰ" ਨਾਂਦੇੜ ਵਿਖੇ 24 ਅਤੇ 25 ਜਨਵਰੀ ਨੂੰ ਮਨਾਇਆ ਜਾਏਗਾ




**ਨਵੀਂ ਦਿੱਲੀ 11 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਪੁਰਬ ਹਿੰਦ ਦੀ ਚਾਦਰ ਨਾਂਦੇੜ ਵਿਖੇ 24 ਅਤੇ 25 ਤਰੀਕ ਨੂੰ ਮਨਾਇਆ ਜਾਵੇਗਾ। ਬੱਲ ਮਲਕੀਤ ਸਿੰਘ ਕਾਰਜਕਾਰੀ ਪ੍ਰਧਾਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ, ਮਹਾਰਾਸ਼ਟਰ ਸਰਕਾਰ ਨੇ ਇਸ ਦੋ ਰੋਜ਼ਾ ਸਮਾਗਮ ਵਿੱਚ ਨਾਂਦੇੜ, ਮਹਾਰਾਸ਼ਟਰ, ਦੇਸ਼-ਵਿਦੇਸ਼ ਤੋਂ ਸਮੂਹ ਜਾਤਾਂ ਤੇ ਧਰਮਾਂ ਦੇ ਨਾਗਰਿਕਾਂ ਨੂੰ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ । ਮਲਕੀਤ ਸਿੰਘ ਬਲ ਮਹਾਰਾਸ਼ਟਰ ਸਰਕਾਰ ਦੇ ਘੱਟ ਗਿਣਤੀ ਵਿਭਾਗ ਅਤੇ ਰਾਜ ਪੱਧਰੀ ਸਮਾਗਮ ਕਮੇਟੀ ਵੱਲੋਂ ਬੀਤੇ ਦਿਨੀਂ ਆਯੋਜਿਤ ਦਿੱਲੀ ਦੇ ਮਹਾਰਾਸ਼ਟਰ ਸਦਨ ਵਿਚ ਪੱਤਰਕਾਰ ਸੰਮੇਲਨ 'ਚ ਬੋਲ ਰਹੇ ਸਨ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਭਾਰਤ ਦੇ ਸਾਰੇ ਧਰਮਾਂ ਦੀ ਰੱਖਿਆ ਲਈ ਸ਼ਹੀਦ ਹੋਏ ਸਨ। ਇਸੇ ਲਈ ਉਨ੍ਹਾਂ ਨੂੰ 'ਹਿੰਦ-ਦੀ-ਚਾਦਰ' ਕਿਹਾ ਜਾਂਦਾ ਸੀ। ਉਨ੍ਹਾਂ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੂਬੇ ਦੇ ਹਰ ਘਰ ਤੱਕ ਪਹੁੰਚਾਉਣਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖੀ ਸੰਤ ਬਾਬਾ ਹਰਨਾਮਸਿੰਘ ਜੀ ਧੁੰਮਾ, ਗੁਰਦੁਆਰਾ ਬੋਰਡ ਦੇ ਚੇਅਰਮੈਨ ਵਿਜੇ ਸਤਬੀਰ ਸਿੰਘ, ਰਾਮੇਸ਼ਵਰ ਨਾਇਕ ਰਾਜਪਧਰੀ ਕਮੇਟੀ ਮੈਂਬਰ ਅਤੇ ਹੋਰ ਵੀ ਬੁਲਾਰੇ ਹਾਜ਼ਰ ਸਨ। ਇਸ ਮੌਕੇ ਦਮਦਮੀ ਟਕਸਾਲ ਦੇ ਸੰਤ ਬਾਬਾ ਹਰਨਾਮ ਸਿੰਘ ਜੀ ਨੇ ਇਸ ਪ੍ਰੋਗਰਾਮ ਦੀ ਰੂਪ-ਰੇਖਾ ਸੰਖੇਪ ਵਿੱਚ ਦੱਸੀ। ਇਸ ਪ੍ਰੋਗਰਾਮ ਦਾ ਪਹਿਲਾ ਹਿੱਸਾ ਦਸੰਬਰ ਵਿੱਚ ਨਾਗਪੁਰ ਵਿੱਚ ਆਯੋਜਿਤ ਕੀਤਾ ਗਿਆ ਸੀ । ਨਾਂਦੇੜ ਵਿੱਚ ਪ੍ਰੋਗਰਾਮ ਇਸ ਮਹੀਨੇ ਆਯੋਜਿਤ ਕੀਤਾ ਜਾ ਰਿਹਾ ਹੈ ਅਤੇ ਮੁੰਬਈ ਵਿੱਚ ਇਹ ਪ੍ਰੋਗਰਾਮ ਫਰਵਰੀ ਵਿੱਚ ਆਯੋਜਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਮਹਾਰਾਸ਼ਟਰ ਸਰਕਾਰ ਨੇ ਅੰਮ੍ਰਿਤਸਰ, ਹਰਿਆਣਾ, ਮੁੰਬਈ, ਹੈਦਰਾਬਾਦ ਵਰਗੇ ਵੱਖ-ਵੱਖ ਹਿੱਸਿਆਂ ਤੋਂ ਸ਼ਰਧਾਲੂਆਂ ਨੂੰ ਲਿਆਉਣ ਲਈ ਛੇ ਰੇਲਵੇ ਰੇਲਗੱਡੀਆਂ ਪ੍ਰਦਾਨ ਕੀਤੀਆਂ ਹਨ। ਇਸ ਮੌਕੇ ਹਜ਼ੂਰ ਸਾਹਿਬ ਬੋਰਡ ਦੇ ਮੈਂਬਰ ਵਿਜੈ ਸਤਬੀਰ ਸਿੰਘ ਅਤੇ ਰਾਮੇਸ਼ਵਰ ਨਾਇਕ ਰਾਜਪਧਰੀ ਕਮੇਟੀ ਮੈਂਬਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਸਨ । ਜਿਕਰਯੋਗ ਹੈ ਕਿ ਇਸ ਪ੍ਰੋਗਰਾਮ ਸਬੰਧੀ ਵੱਖ ਵੱਖ ਜਗ੍ਹਾ ਮੀਟਿੰਗਾਂ ਦਾ ਸਿਲਸਿਲਾ ਚੱਲ ਰਿਹਾ ਹੈ ਅਤੇ ਸਮਾਗਮ ਨੂੰ ਸਫਲ ਬਣਾਉਣ ਲਈ ਅਤੇ ਵੱਖ ਵੱਖ ਡਿਊਟੀਆਂ ਲਗਾਉਣ ਸਬੰਧੀ ਇੱਕ ਮੀਟਿੰਗ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ, ਤਖਤ ਸ਼੍ਰੀ ਹਜੂਰ ਸਾਹਿਬ ਨਾਂਦੇੜ ਵਿਖੇ ਕੀਤੀ ਗਈ ਸੀ ਉਪਰੰਤ ਸਮਾਗਮ ਵਾਲੀ ਜਗ੍ਹਾ 'ਤੇ ਚੱਲ ਰਹੇ ਕਾਰਜਾ ਦਾ ਨਿਰੀਖਣ ਕੀਤਾ ਗਿਆ ਸੀ।

### ਸ੍ਰੀ ਹਜ਼ੂਰ ਸਾਹਿਬ ਵਿਖੇ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸ਼ਤਾਬਦੀ ਸਮਾਗਮ 24- 25 ਨੂੰ

# ਸਮਾਗਮ 'ਚ ਸ਼ਮੂਲੀਅਤ ਲਈ ਗ੍ਰਹਿ ਮੰਤਰੀ ਸ਼ਾਹ, ਮੁੱਖ ਮੰਤਰੀ ਮਾਨ, ਯੋਗੀ ਤੇ ਸੈਣੀ ਨੂੰ ਭੇਜਿਆ ਜਾਵੇਗਾ ਸੱਦਾ- ਗਿ.ਹਰਨਾਮ ਸਿੰਘ ਖਾਲਸਾ

**ਚੌਕ ਮਹਿਤਾ, 11ਜਨਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ )**-'ਹਿੰਦ ਦੀ ਚਾਦਰ' ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਸ਼ਤਾਬਦੀ ਨੂੰ ਸਮਰਪਿਤ ਧਾਰਮਿਕ ਸਮਾਗਮ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਮਹਾਂਰਾਸ਼ਟਰ ਸਰਕਾਰ ਵੱਲੋਂ ਤਖਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਵਿਸ਼ਾਲ ਪੱਧਰ 'ਤੇ ਮਨਾਏ ਜਾ ਰਹੇ ਹਨ ।ਇੰਨ੍ਹਾਂ ਹੀ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਪ੍ਰਧਾਨ ਸੰਤ ਸਮਾਜ ਤੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਗਿਆਨੀ ਕੁਲਵੰਤ ਸਿੰਘ ਦੀ ਅਗਵਾਈ ਹੇਠ ਵਿਸ਼ੇਸ਼ ਮੀਟਿੰਗ ਰੱਖੀ ਗਈ,ਜਿਸ ਵਿੱਚ ਸਮਾਗਮਾਂ ਦੇ ਪ੍ਰਬੰਧਾਂ ਦੀ ਰੂਪ ਰੇਖਾ ਉਲੀਂਕਣ ਸਬੰਧੀ ਜ਼ਰੂਰੀ ਵਿਚਾਰ ਵਿਟਾਂਦਰਾਂ ਕੀਤਾ ਗਿਆ। ਤਖਤ ਸ਼੍ਰੀ ਹਜ਼ੂਰ ਸਾਹਿਬ ਨੰਦੇੜ ਦੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ 'ਚ ਹੋਈ ਇਸ ਮੀਟਿੰਗ ਦੌਰਾਨ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ ਕਰਦੇ ਹੋਏ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਮਹਾਂਰਾਸ਼ਟਰ ਸਰਕਾਰ ਸਿੱਖ ਸਮਾਜ ਨਾਲ ਕੀਤੇ ਆਪਣੇ ਵਾਅਦੇ ਨੂੰ ਪੂਰਾ ਕਰਦੇ ਹੋਏ ਦੋਨਾਂ ਸ਼ਤਾਬਦੀ ਸਮਾਗਮਾਂ ਨੂੰ ਪੂਰੀ ਸ਼ਰਧਾ,ਲਗਨ ਤੇ ਉਤਸ਼ਾਹ ਨਾਲ ਮਨਾ ਰਹੀ ਹੈ ਤੇ ਮਹਾਂਰਾਸ਼ਟਰ ਦੇ ਵੱਖ ਵੱਖ ਸ਼ਹਿਰਾਂ 'ਚ ਰਾਜ ਪੱਧਰੀ ਧਾਰਮਿਕ ਸਮਾਗਮ ਆਯੋਜਿਤ ਕੀਤੇ ਜਾ ਰਹੇ ਹੈ ।ਜਿਸ ਦੇ ਚੱਲਦਿਆਂ ਪਹਿਲਾਂ ਸ਼ਤਾਬਦੀ ਸਮਾਗਮ ਨਾਗਪੁਰ ਵਿਖੇ ਹੋਏ ਸਨ ਤੇ ਹੁਣ ਅਗਲੇ ਸਮਾਗਮ 24 ਤੇ 25 ਜਨਵਰੀ ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਕੀਤੇ ਜਾ ਰਹੇ ਹਨ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇੰਨ੍ਹਾਂ ਧਾਰਮਿਕ ਸਮਾਗਮਾਂ ਦੀ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਮਹਾਂਰਾਸ਼ਟਰ ਸਰਕਾਰ ਦੇ ਉਪਰਾਲੇ ਸਦਕਾ ਦਮਦਮੀ ਟਕਸਾਲ ਤੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਦੀ ਅਗਵਾਈ ਹੇਠ ਹੋਣ ਜਾ ਰਹੇ ਇਹ ਦੋ ਦਿਨਾਂ ਸ਼ਤਾਬਦੀ ਸਮਾਗਮਾਂ 24 ਜਨਵਰੀ ਦਿਨ ਸ਼ਨੀਵਾਰ ਨੂੰ ਆਰੰਭ ਹੋ ਕੇ 25 ਜਨਵਰੀ ਦਿਨ ਐਤਵਾਰ ਨੂੰ ਸੰਪੂਰਨ ਹੋਣਗੇ,ਜਿਸ ਦੌਰਾਨ ਕੀਰਤਨ ਤੇ ਕਥਾ ਦਰਬਾਰ ਹੋਣਗੇ ਤੇ ਪੰਥ ਦੀਆਂ ਸਿਰਮੌਰ ਧਾਰਮਿਕ ਸ਼ਖਸ਼ੀਅਤਾਂ,ਸੰਤ ਮਹਾਂਪੁਰਸ਼,ਵਿਦਵਾਨਾਂ,ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ,ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ,ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਅਦਿੱਤਿਆਨਾਥ,ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਦੇਸ਼ ਵਿਦੇਸ਼ ਤੋਂ ਹੋਰ ਵੀ ਬਹੁਤ ਸਾਰੀਆਂ ਅਹਿਮ ਰਾਜਨੀਤਿਕ ਤੇ ਸਮਾਜਿਕ ਸ਼ਖਸ਼ੀਅਤਾਂ ਹਾਜ਼ਰੀ ਭਰਨਗੀਆਂ ।ਇਸਦੇ ਨਾਲ ਹੀ ਉਨ੍ਹਾਂ ਨੇ ਮਹਾਂਰਾਸ਼ਟਰ ਸਰਕਾਰ ਵੱਲੋਂ ਇੰਨ੍ਹਾਂ ਸ਼ਤਾਬਦੀ ਸਮਾਗਮਾਂ ਦੌਰਾਨ ਸੰਗਤਾਂ ਦੀ ਆਵਾਜਾਈ ਲਈ ਸ੍ਰੀ ਅੰਮ੍ਰਿਤਸਰ ਸਾਹਿਬ,ਚੰਡੀਗੜ੍ਹ,ਹਰਿਆਣਾ,ਹੈਦਰਾਬਾਦ ਤੇ ਮੁੰਬਈ ਤੋਂ ਚਲਾਈਆਂ ਜਾ ਰਹੀਆਂ 6 ਮੁਫਤ ਟ੍ਰੇਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਸਿੱਖਾਂ ਦੇ ਗੁਰਪੁਰਬਾਂ ਪ੍ਰਤੀ ਦਿਖਾਈ ਜਾ ਰਹੀ ਅਥਾਹ ਸ਼ਰਧਾਂ ਤੇ ਪਿਆਰ ਨੇ ਹਰ ਸਿੱਖ ਦਾ ਦਿਲ ਜਿੱਤਿਆ ਹੈ ।ਇਸਤੋਂ ਪਹਿਲਾਂ ਵੀ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਸਿੱਖ ਆਨੰਦ ਕਾਰਜ ਐਕਟ ਲਾਗੂ ਕਰਕੇ ਤੇ ਸਿੱਖ ਇਤਿਹਾਸ ਨੂੰ ਸੂਬੇ ਦੇ ਪਾਠਕ੍ਰਮ 'ਚ ਸ਼ਾਮਿਲ ਹੋਣ ਦਾ ਪ੍ਰਸਤਾਵ ਪਾਸ ਕਰਕੇ ਸਿੱਖ ਕੌਮ ਨੂੰ ਵੱਡਾ ਤੋਹਫਾ ਦਿੱਤਾ ਹੈ ਉਨ੍ਹਾਂ ਕਿਹਾ ਕਿ ਇੰਨ੍ਹਾਂ ਸਮਾਗਮਾਂ 'ਚ ਸੂਬੇ 'ਚ ਵੱਸਦੇ ਲੁਬਾਣਾ,ਸਿੰਧੀ ,ਵਣਜਾਰਾ,ਸਿੱਕਲੀਗਰ,ਮੋਹਇਲ ਤੇ ਬਾਲਮੀਕੀ ਸਮਾਜ,ਭਗਤ ਨਾਮਦੇਵ ਜੀ ਸੰਪ੍ਰਦਾਇ ,ਉਦਾਸੀ ਸੰਤ ਸਮਾਜ ਤੇ ਹਜ਼ੂਰੀ ਖਾਲਸਾ ਦਾ ਵਿਸ਼ੇਸ਼ ਤੇ ਮਹੱਤਵਪੂਰਨ ਸਹਿਯੋਗ ਰਹੇਗਾ। ਇਸ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਸ੍ਰੀ ਰਾਮੇਸ਼ਵਰ ਨਾਇਕ,ਸੰਤ ਬਾਬਾ ਰਾਮ ਸਿੰਘ ,ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਹੈੱਡ ਗ੍ਰੰਥੀ ਤਖਤ ਸ੍ਰੀ ਹਜ਼ੂਰ ਸਾਹਿਬ,ਸਿੰਘ ਸਾਹਿਬ ਗਿਆਨੀ ਗੁਰਮੀਤ ਸਿੰਘ,ਜਥੈਦਾਰ ਬਾਬਾ ਜੋਤਇੰਦਰ ਸਿੰਘ , ਵਿਜੇ ਸਤਬੀਰ ਸਿੰਘ ਚੇਅਰਮੈਨ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ,ਸੰਤ ਰਾਮ ਸਿੰਘ , ਸੰਤ ਬਾਬਾ ਬਲਵਿੰਦਰ ਸਿੰਘ ਗੁਰਦਆਰਾ ਲੰਗਰ ਸਾਹਿਬ, ਗਿਆਨੀ ਸੁਖਵਿੰਦਰ ਸਿੰਘ ਗ੍ਰੰਥੀ ਤਖ਼ਤ ਸ੍ਰੀ ਹਜ਼ੂਰ ਸਾਹਿਬ, ਮਲਕੀਤ ਸਿੰਘ ਬੱਲ, ਭਾਈ ਸੁਰਜੀਤ ਸਿੰਘ ਗਿੱਲ, ਭਾਈ ਜਸਪਾਲ ਸਿੰਘ ਸਿੱਧੂ ਮੁੰਬਈ, ਚਰਨਜੀਤ ਸਿੰਘ ਹੈਪੀ ,ਗੁਰਮੀਤ ਸਿੰਘ ਖੋਖਰ, ਨਰਿੰਦਰ ਸਿੰਘ ਨਾਗਪੁਰ,ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ ਆਦਿ ਮੌਜੂਦ ਸਨ।




# ਪੰਜਾਬ ਚੋਂ ਨਸ਼ਿਆਂ ਨੂੰ ਖਤਮ ਕਰਕੇ ਹੀ ਦਮ ਲਵੇਗੀ ਆਪ ਸਰਕਾਰ : ਰਣਜੋਧ ਸਿੰਘ ਕਾਂਝਲਾ



ਧੂਰੀ (ਰਣਜੀਤ ਸਿੰਘ ਪੇਧਨੀ ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਦੇ ਸ਼ੁਰੂ ਕੀਤੇ ਗਏ ਦੂਜੇ ਪੜਾਅ ਤਹਿਤ ਨਸ਼ੇ ਦੇ ਕਾਰੋਬਾਰ ਨੂੰ ਪੰਜਾਬ ਅੰਦਰੋਂ ਪੂਰੀ ਤਰ੍ਹਾਂ ਖਤਮ ਕਰਨ ਲਈ ਹੋਰ ਸਖਤ ਕਦਮ ਚੁੱਕੇ ਜਾਣਗੇ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਨਾਮੁਰਾਦ ਅਲਾਮਤ ਨੂੰ ਪੰਜਾਬ ਚੋਂ ਖਤਮ ਕਰਕੇ ਹੀ ਦਮ ਲਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਰਣਜੋਧ ਸਿੰਘ ਕਾਂਝਲਾ ਮੈਂਬਰ ਬਲਾਕ ਸੰਮਤੀ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਰਜੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਇਮਾਨਦਾਰ ਸੋਚ ਅਤੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਤਹੱਈਏ ਨਾਲ ਕਰੀਬ 10 ਮਹੀਨੇ ਪਹਿਲਾਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਦੇ ਨਤੀਜਾ ਪੰਜਾਬ ਦੇ ਲੋਕਾਂ ਦੇ ਸਾਹਮਣੇ ਹਨ। ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਨਣ ਤੋਂ ਪਹਿਲਾਂ ਨਸ਼ੇ ਪੰਜਾਬ ਦੀ ਹਰ ਗਲੀ ਅਤੇ ਮੁਹੱਲੇ ਅੰਦਰ ਸ਼ਰੇਆਮ ਵਿਕਦੇ ਸਨ ਅਤੇ ਪੰਜਾਬ ਨਸ਼ਿਆਂ ਵਿੱਚ ਜਕੜਿਆ ਹੋਇਆ ਸੀ ਪਰ ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਨਣ ਮਗਰੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਦੌਰਾਨ ਜਿਸ ਢੰਗ ਨਾਲ ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ ਲੜਾਈ ਲੜੀ ਹੈ ਅਜਿਹਾ ਪਹਿਲਾਂ ਕਦੇ ਵੀ ਨਹੀਂ ਹੋਇਆ। ਨਸ਼ਿਆਂ ਖਿਲਾਫ ਲੋਕ ਲਹਿਰ ਖੜੀ ਕਰਨ ਲਈ ਡੇਢ ਲੱਖ ਵਿਲੇਜ ਡਿਫੈਂਸ ਕਮੇਟੀਆਂ ਤਿਆਰ ਕੀਤੀਆਂ ਗਈਆਂ ਹਨ। ਉਹਨਾਂ ਕਿਹਾ ਕਿ ਨਸ਼ੇ ਦੇ ਕਾਰੋਬਾਰ ਵਿੱਚ ਲੱਗੇ 28000 ਲੋਕਾਂ ਦੇ ਖਿਲਾਫ ਮਾਮਲੇ ਦਰਜ ਕੀਤੇ ਗਏ ਅਤੇ 42000 ਨਸ਼ਾ ਤਸਕਰਾਂ ਨੂੰ ਜੇਲ੍ਹਾਂ ਅੰਦਰ ਡੱਕਿਆ ਗਿਆ ਹੈ। ਇੱਥੋਂ ਤੱਕ ਕਿ ਵੱਡੇ ਅਤੇ ਪ੍ਰਭਾਵਸ਼ਾਲੀ ਮਗਰਮੱਛਾਂ ਨੂੰ ਵੀ ਨਹੀਂ ਬਖਸ਼ਿਆ ਅਤੇ ਜੇਲ੍ਹਾਂ ਅੰਦਰ ਬੰਦ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਲੜਾਈ ਨੂੰ ਖਤਮ ਕਰਨ ਲਈ ਸਮਾਂ ਜਰੂਰ ਲੱਗ ਰਿਹਾ ਹੈ ਪਰ ਲੋਕਾਂ ਦੇ ਸਹਿਯੋਗ ਨਾਲ ਇਸ ਜੰਗ ਨੂੰ ਜਰੂਰ ਜਿੱਤਿਆ ਜਾਵੇਗਾ। ਇਹ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਪੂਰੀ ਤਰ੍ਹਾਂ ਨਸ਼ਾ ਮੁਕਤ ਨਹੀਂ ਹੋ ਜਾਂਦਾ। ਇਸ ਮੌਕੇ ਸਰਪੰਚ ਮੱਖਣ ਸਿੰਘ, ਗਗਨਦੀਪ ਸਿੰਘ ਪੰਚ, ਮੱਖਣ ਸਿੰਘ ਪੰਚ, ਕੁਲਵਿੰਦਰ ਸਿੰਘ ਪੰਚ, ਰਾਜਵਿੰਦਰ ਸਿੰਘ ਪੰਚ, ਸੁਰਜੀਤ ਸਿੰਘ ਪੰਚ, ਕੁਲਦੀਪ ਸਿੰਘ ਪੰਚ ਹਾਜ਼ਰ ਸਨ।

# ਈਟੀਓ ਵੱਲੋਂ ਬਾਬਾ ਬਕਾਲਾ - ਬਟਾਲਾ ਸੜਕ ਉੱਤੇ ਬਣ ਰਹੇ ਪੁਲਾਂ ਦਾ ਅਚਨਚੇਤ ਨਿਰੀਖਣ



ਜੰਡਿਆਲਾ ਗੁਰੂ 11 ਜਨਵਰੀ, ( ਕੁਲਵੰਤ ਸਿੰਘ ਵਿਰਦੀ ) ਬਿਆਸ ਬਾਬਾ ਬਕਾਲਾ ਮਹਿਤਾ ਬਟਾਲਾ ਸੜਕ ਦੇ ਲੈਫਟ ਆਊਟ ਪ੍ਰੋਜੈਕਟ ਅਧੀਨ ਮਹਿਤਾ ਅਤੇ ਬੁੱਟਰ ਵਿਖੇ ਉਸਾਰੇ ਜਾ ਰਹੇ ਪੁੱਲਾਂ ਦਾ ਨਿਰੀਖਣ ਲੋਕ ਨਿਰਮਾਣ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਵੱਲੋਂ ਕੀਤਾ ਗਿਆ। ਇਸ ਮੌਕੇ ਉਨਾਂ ਨੇ ਦੱਸਿਆ ਕਿ ਬਿਆਸ ਬਾਬਾ ਬਕਾਲਾ ਮਹਿਤਾ ਬਟਾਲਾ ਸੜਕ ਸੈਕਸ਼ਨ ਉੱਪਰ ਲੋਕ ਨਿਰਮਾਣ ਵਿਭਾਗ ਵੱਲੋਂ ਤਿੰਨ ਪੁੱਲਾਂ ( ਮਹਿਤਾ, ਬੁੱਟਰ ਅਤੇ ਗੱਗੜਭਾਣਾ) ਦਾ ਨਿਰਮਾਣ 8.53 ਕਰੋੜ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ। ਮਹਿਤਾ ਅਤੇ ਬੁੱਟਰ ਵਿਖੇ ਉਸਾਰੀ ਅਧੀਨ ਪੁੱਲ ਅਪ੍ਰੈਲ 2026 ਤੱਕ ਮੁਕੰਮਲ ਹੋ ਜਾਣਗੇ, ਗੱਗੜਭਾਣਾ ਵਿਖੇ ਪੁੱਲ ਦੀ ਉਸਾਰੀ ਨਹਿਰੀ ਵਿਭਾਗ ਵੱਲੋ ਬੰਦੀ ਮਿਲਣ ਉਪਰੰਤ ਸ਼ੁਰੂ ਕਰਕੇ ਜਲਦ ਮੁਕੰਮਲ ਕਰ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਮਹਿਤਾ ਪੁੱਲ ਦੀ ਲੰਬਾਈ 105 ਫੁੱਟ ਅਤੇ ਚੌੜਾਈ 42 ਫੁੱਟ ਹੈ, ਜਦਕਿ ਬੁੱਟਰ ਪੁੱਲ ਦੀ ਲੰਬਾਈ 70 ਫੁੱਟ ਚੌੜਾਈ 42 ਫੁੱਟ ਹੈ। ਓਨਾਂ ਦੱਸਿਆ ਕਿ ਇਸੇ ਤਰ੍ਹਾਂ ਗੱਗੜਭਾਣਾ ਪੁੱਲ ਦੀ ਲੰਬਾਈ 106 ਫੁੱਟ ਚੌੜਾਈ 42 ਫੁੱਟ ਹੈ। ਲੋਕ ਨਿਰਮਾਣ ਵਿਭਾਗ ਦੇ ਮੰਤਰੀ ਸ ਹਰਭਜਨ ਸਿੰਘ ਨੇ ਕੰਮ ਦੀ ਗੁਣਵੱਤਾ ਉੱਤੇ ਧਿਆਨ ਦੇਣ ਅਤੇ ਇਸਨੂੰ ਸਮੇਂ ਸੀਮਾ ਅੰਦਰ ਪੂਰੇ ਕਰਨ ਦੀ ਹਦਾਇਤ ਕੀਤੀ, ਤਾਂ ਜੋ ਲੋਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਦਿੱਤੀ ਜਾ ਸਕੇ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਰਾਜ ਦੇ ਲੋਕਾਂ ਲਈ ਸੜਕੀ ਢਾਂਚੇ ਉੱਤੇ ਵੱਡੇ ਪ੍ਰੋਜੈਕਟ ਕੀਤੇ ਜਾ ਰਹੇ ਹਨ ਤਾਂ ਜੋ ਆਉਣਾ ਜਾਣਾ ਆਸਾਨ ਹੋਵੇ ਅਤੇ ਹਾਦਸੇ ਘੱਟ ਹੋਣ। ਇਸ ਮੌਕੇ ਵਿਭਾਗ ਦੇ ਸੀਨੀਅਰ ਅਧਿਕਾਰੀ ਅਤੇ ਇਲਾਕੇ ਦੇ ਮੋਹਤਬਰ ਵੀ ਉਹਨਾਂ ਦੇ ਨਾਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

ਤਖ਼ਤ ਸ਼੍ਰੀ ਦਮਦਮ ਸਾਹਿਬ ਵਿਖੇ ਹਫਤਾਵਾਰੀ ਗੁਰਮਤਿ ਸਮਾਗਮ ਦੌਰਾਨ

# 144 ਪ੍ਰਾਣੀਆਂ ਨੇ ਕੀਤਾ ਅੰਮ੍ਰਿਤ ਪਾਨ



**ਤਲਵੰਡੀ ਸਾਬੋ, 11 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹਫਤਾਵਾਰੀ ਗੁਰਮਤਿ ਸਮਾਗਮ ਦੌਰਾਨ ਭਾਈ ਜਗਤਾਰ ਸਿੰਘ ਹੈਡ ਗ੍ਰੰਥੀ ਭਾਈ ਨਿਰਭੈ ਸਿੰਘ ਹਜੂਰੀ ਰਾਗੀ ਜਥਾ ਭਾਈ ਲੱਖਾ ਸਿੰਘ ਦਾਤੇਵਾਸ ਪ੍ਰਚਾਰਕ ਭਾਈ ਮਨਵਿੰਦਰ ਸਿੰਘ ਸੁਨਾਮ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਪੰਜ ਪਿਆਰੇ ਸਾਹਿਬਾਨਾਂ ਵੱਲੋਂ ਆਈਆਂ ਸੰਗਤਾਂ ਨੂੰ ਅੰਮ੍ਰਿਤ ਛਕਾਇਆ ਗਿਆ ਜਿਸ ਮੌਕੇ 144 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ। ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਧਨੌਲਾ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਵੱਲੋਂ ਆਈਆਂ ਸੰਗਤਾਂ ਨੂੰ ਜੀਓ ਆਇਆਂ ਆਖਿਆ ਗਿਆ ਅਤੇ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਗੁਰੂ ਵਾਲੇ ਬਣਨ ਲਈ ਵਧਾਈ ਦਿੱਤੀ ।ਇਸ ਸਮੇਂ ਤਖਤ ਸਾਹਿਬ ਦੇ ਮੈਨੇਜਰ ਸ੍ਰ. ਨਰਿੰਦਰਜੀਤ ਸਿੰਘ ਅਤੇ ਸਬ ਆਫਿਸ ਧਰਮ ਪ੍ਰਚਾਰ ਦੇ ਇੰਚਾਰਜ ਸ੍ਰ. ਭੋਲਾ ਸਿੰਘ ਹੀਰੇਵਾਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਵਾਲਿਆ ਦੀ ਯਾਦ 'ਚ

# 67ਵਾਂ ਸਲਾਨਾ ਸਮਾਗਮ 24 ਜਨਵਰੀ ਨੂੰ

**ਜੰਡਿਆਲਾ ਗੁਰੂ, 11 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਮਹਾਂਪੁਰਖ ਸ੍ਰੀਮਾਨ 108 ਸੰਤ ਬਾਬਾ ਅਤਰ ਸਿੰਘ ਜੀ

**ਅਕਾਲ ਪੁਰਖ ਦੀ ਕਿਰਪਾ ਸਦਕਾ ਜੋਤੀਸਰ ਜੰਡਿਆਲਾ ਤੇ ਜੋਤੀਸਰ ਸਿਮਲੇ ਦੀਆਂ ਸੇਵਾਵਾਂ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਬਾਬਾ ਸੁੱਖਾ ਸਿੰਘ**

ਮਸਤੂਆਣੇ ਵਾਲਿਆਂ ਜੀ ਤੋਂ ਵਰਸੋਏ ਹੋਏ ਸ੍ਰੀਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਸ਼ਿਮਲੇ ਵਾਲਿਆ ਦੀ ਯਾਦ 'ਚ 5 ਰੋਜਾ 67ਵਾਂ ਸਲਾਨਾ ਗੁਰਮਤਿ ਸਮਾਗਮ ਮਿਤੀ 24 ਜਨਵਰੀ 2026 ਦਿਨ ਸ਼ਨੀਵਾਰ ਨੂੰ ਦੇਸ ਵਿਦੇਸ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਪਿਆਰ ਨਾਲ ਕਰਵਾਇਆ ਜਾ ਰਿਹਾ ਹੈ। ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਇਨਾਂ ਸਮਾਗਮਾਂ ਦੀ ਆਰੰਭਤਾ ਪਹਿਲੇ ਪੜਾਅ ਚ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ 20 ਜਨਵਰੀ, ਦਿਨ ਮੰਗਲਵਾਰ ਸਵੇਰੇ 10:00 ਵਜੇ ਆਰੰਭ ਹੋਵੇਗੀ ਜਿਨਾਂ ਦੇ ਭੋਗ 22 ਜਨਵਰੀ ਨੂੰ ਪੈਣਗੇ ਅਤੇ ਦੂਜੇ ਪੜਾਅ ਚ 22 ਜਨਵਰੀ ਦਿਨ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਹੋਣਗੇ ਜਿੰਨਾਂ ਦੇ ਭੋਗ ਮਿਤੀ 24 ਜਨਵਰੀ, ਦਿਨ ਸ਼ਨੀਵਾਰ ਸਵੇਰੇ 9:00 ਵਜੇ ਪੈਣਗੇ ਅਤੇ ਉਪਰੰਤ ਕੀਰਤਨ ਦਰਬਾਰ ਅਤੇ ਸੰਤ ਸਮਾਗਮ ਸਵੇਰੇ 10:00 ਵਜੇ ਆਰੰਭ ਹੋਵੇਗਾ ਅਤੇ ਦੁਪਹਿਰ 2:00 ਵਜੇ ਤੱਕ ਚੱਲੇਗਾ । ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਮਾਗਮਾਂ ਚ ਤਨ ਮਨ ਧਨ ਨਾਲ ਹਾਜਰੀਆਂ ਭਰ ਕਿ ਆਪਣੇ ਜੀਵਨ ਨੂੰ ਸਫ਼ਲ ਬਣਾਓ ਅਤੇ ਸੰਤਾਂ ਮਹਾਂਪੁਰਖਾ ਦੀਆਂ ਖੁਸੀਆਂ ਪ੍ਰਾਪਤ ਕਰੋ ! ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਅਸਥਾਨਾਂ ਦੀ ਸੇਵਾ ਸੰਤ ਬਾਬਾ ਗੁਰਬਖਸ਼ ਸਿੰਘ ਜੀ ਤੋਂ ਵਰੋਸਾਏ ਸੱਚਖੰਡਵਾਸੀ:- ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਵਲੋਂ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਨਿਭਾਈ ਗਈ ਅਤੇ ਜਿਸ ਵਿੱਚ ਅੱਜ ਵੀ ਸੰਗਤਾਂ ਸੰਤਾਂ ਦੀ ਕੀਤੀ ਸੰਗਤ ਅਤੇ ਬਤੀਤ ਕੀਤੇ ਸਮੇਂ ਨੂੰ ਯਾਦ ਕਰਦੀਆਂ ਹਨ ਅਤੇ ਅੱਜ ਵੀ ਇਨਾਂ ਅਸਥਾਨਾਂ ਤੇ ਅਰਦਾਸਾਂ ਕਰਦੀਆਂ ਹਨ ਅਤੇ ਉਹ ਕੀਤੀਆਂ ਅਰਦਾਸਾਂ ਪ੍ਰਵਾਨ ਹੁੰਦੀਆਂ ਹਨ !ਅਤੇ ਮੈਂ ਆਪਣੇ ਆਪ ਨੂੰ ਬਹੁਤ ਵਡਭਾਗੀ ਸਮਝਦਾ ਹਾਂ ਕਿ ਅਕਾਲ ਪੁਰਖ ਨੇ ਮੈਨੂੰ ਬਚਪਨ ਤੋਂ ਹੀ ਸੰਤ ਬਾਬਾ ਤੇਜਾ ਸਿੰਘ ਜੀ ਦੀ ਸੇਵਾ ਤੇ ਸੰਗਤ ਕਰਨ ਦਾ ਸਮਾਂ ਬਖਸਿਆ ਅਤੇ ਸਚਖੰਡ ਵਾਸੀ ਸੰਤ ਬਾਬਾ ਤੇਜਾ ਸਿੰਘ ਜੀ ਵੱਲੋਂ ਸਚਖੰਡ ਨਿਵਾਸ ਕਰਨ ਤੋਂ ਪਹਿਲਾਂ ਇਨਾਂ ਅਸਥਾਨਾਂ ਦੀ ਸੇਵਾ ਦਾਸ ਨੂੰ ਬਖਸੀ ਗਈ ਹੈ ! ਜੋ ਅਕਾਲ ਪੁਰਖ ਦੀ ਕਿਰਪਾ ਸਦਕਾ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਨਿਭਾਈ ਜਾ ਰਹੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਤੇਜ ਰ਼ਫਤਾਰ ਕਰੇਟਾ ਨੇ ਖੜੇ ਆਟੋ ਚਾਲਕ ਨੂੰ ਕੁਚਲਿਆ, ਕਾਰ ਚਾਲਕ ਫਰਾਰ

ਜੰਡਿਆਲਾ ਗੁਰੂ 11 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਬੀਤੀ ਰਾਤ ਵੇਰਕਾ ਬਾਈ ਪਾਸ ਐਸਕੌਰਟ ਹਸਪਤਾਲ ਦੇ ਨਜਦੀਕ ਮੈਪਲ ਰਿਸੋਰਟ ਦੇ ਬਾਹਰ ਇਕ ਤੇਜ ਰਫ਼ਤਾਰ ਕਰੇਟਾ ਗੱਡੀ ਨੰਬਰ ਪੀ ਬੀ 02 ਈ ਐਕਸ 0075 ਨੇ ਰਿਸੋਰਟ ਦੇ ਬਾਹਰ ਖੜੇ ਆਟੋ ਬਜਾਜ ਮੈਕਸੀਮਾਂ ਨੂੰ ਬੜੀ ਬੇਰਹਿਮੀ ਨਾਲ ਟੱਕਰ ਮਾਰ ਕੇ ਤਹਿਸ ਨਹਿਸ ਕਰ ਦਿੱਤਾ।ਇਕੱਤਰ ਜਾਣਕਾਰੀ ਮੁਤਾਬਿਕ ਵਜਿੰਦਰ ਕੁਮਾਰ ਵਾਸੀ 568 ਗਲੀ ਨੰਬਰ 2 ਤੁੰਗ ਪਾਈ ਬਟਾਲਾ ਰੋਡ ਆਟੋ ਚਲਾਕ ਹਲਵਾਈਆਂ ਨੂੰ ਰਿਸੋਰਟ ਤੋਂ ਵਾਪਿਸ ਲਿਆਉਣ ਲਈ ਰਿਸੋਰਟ ਦੇ ਬਾਹਰ ਆਪਣੇ ਆਟੋ ਵਿੱਚ ਬੈਠਾ ਉਹਨਾਂ ਦਾ ਇੰਤਜਾਰ ਕਰ ਰਿਹਾ ਸੀ। ਦੇਰ ਰਾਤ 12.15 ਦੇ ਕਰੀਬ ਇਕ ਤੇਜ ਰਫ਼ਤਾਰ ਬੇਕਾਬੂ ਕਰੇਟਾ ਗੱਡੀ ਨੇ ਬੁਰੀ ਤਰਾਂ ਟੱਕਰ ਮਾਰ ਦਿੱਤੀ। ਜਿਸ ਕਾਰਨ ਆਟੋ ਵਿੱਚ ਬੈਠੇ ਵਜਿੰਦਰ ਕੁਮਾਰ ਨੂੰ ਲਹੂਲੁਹਾਨ ਕਰ ਦਿੱਤਾ। ਟੱਕਰ ਮਾਰਨ ਮਗਰੋਂ ਗੱਡੀ ਸਵਾਰ 3 ਵਿਆਕਤੀ ਮੌਕੇ ਤੋਂ ਗੱਡੀ ਸਮੇਤ ਫਰਾਰ ਹੋ ਗਏ। ਮੌਕੇ ਤੇ ਖੜੇ ਲੋਕਾਂ ਨੇ ਦੱਸਿਆ ਕਿ ਕਾਰ ਚਾਲਕ ਸ਼ਰਾਬੀ ਹਾਲਤ ਵਿਚ ਸਨ ਮੌਕੇ ਤੇ ਖੜੇ ਲੋਕਾਂ ਨੇ 112 ਤੇ ਫੋਨ ਕਰਕੇ ਐਮਬੂਲੈਂਸ ਨੂੰ ਬੁਲਾ ਕੇ ਜਖਮੀ ਵਿਆਕਤੀ ਨੂੰ ਸਿਵਿਲ ਹਸਪਤਾਲ ਭੇਜਿਆ। ਜਿਥੋਂ ਸਿਵਲ ਹਸਪਤਾਲ ਨੇ ਜ਼ਖਮੀ ਨੂੰ ਗੰਭੀਰ ਵੇਖਦੇ ਹੋਏ ਸ਼੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਰੈਫਰ ਕਰ ਦਿੱਤਾ। ਐਕਸਰੇ ਅਤੇ ਸਿਟੀ ਸਕੈਨ ਮਗਰੋਂ ਡਾਕਟਰਾਂ ਨੇ ਪਤਰਕਾਰਾਂ ਨੂੰ ਦੱਸਿਆ ਕਿ ਆਟੋ ਚਾਲਕ ਦੀ ਖੱਬੀ ਬਾਂਹ ਟੁੱਟ ਗਈ ਹੈ ਅਤੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ। ਜਿਸਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਇਸ ਸੰਬਧਿਤ ਜ਼ਖਮੀ ਦੀ ਪਤਨੀ ਨੇ ਦੋਸ਼ੀਆਂ ਖਿਲਾਫ ਪੁਲਿਸ ਥਾਣਾ ਵੇਰਕਾ ਵਿੱਚ ਲਿਖਤੀ ਰੂਪ ਵਿੱਚ ਸ਼ਿਕਾਇਤ ਮਗਰੋਂ ਪੱਤਰਕਾਰਾਂ ਨੂੰ ਦੱਸਿਆ ਕਿ ਉਹਨਾਂ ਦਾ ਪਰਿਵਾਰ ਬਹੁਤ ਗਰੀਬ ਹੈ। ਦੋਸ਼ੀਆਂ ਨੇ ਸਾਡੇ ਪਰਿਵਾਰ ਦਾ ਇਕੋ ਇਕ ਸਹਾਰਾ ਵੀ ਬੇਕਾਰ ਕਰਕੇ ਉਸਦੀ ਜਾਨ ਨੂੰ ਖ਼ਤਰੇ ਵਿੱਚ ਪਾ ਦਿੱਤਾ। ਆਟੋ ਚਾਲਕ ਦੀ ਪਤਨੀ ਨੇ ਦੋਸ਼ੀਆਂ ਖਿਲਾਫ ਸਖਤ ਕਾਰਵਾਹੀ ਦੀ ਮੰਗ ਕੀਤੀ ਹੈ। ਇਸ ਸੰਬਧਿਤ ਐਸ ਐਚ ਓ ਵੇਰਕਾ ਸੁਮਨਪ੍ਰੀਤ ਕੌਰ ਨੇ ਪੀੜਤ ਪਰਿਵਾਰ ਨੂੰ ਵਿਸ਼ਵਾਸ ਦਿਵਾਉਦਿਆਂ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ।



# ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਹਲਕੇ ਦੇ ਪਿੰਡਾਂ ਦਾ ਦੌਰਾ, ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਭਰੀ ਹਾਜ਼ਰੀ



**ਤਲਵੰਡੀ ਸਾਬੋ, 11 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਪਿਛਲੇ ਕਾਫੀ ਸਮੇਂ ਤੋਂ ਹਲਕਾ ਤਲਵੰਡੀ ਸਾਬੋ ਅੰਦਰ ਰਾਜਸੀ ਤੌਰ 'ਤੇ ਸਰਗਰਮ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਜੋ ਕਿ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਹਨ ਨੇ ਅੱਜ ਹਲਕੇ ਦੇ ਕਈ ਪਿੰਡਾਂ ਦਾ ਦੌਰਾ ਕਰਦਿਆਂ ਵਰਕਰਾਂ ਤੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਲਵਾਈ। ਸਿੱਧੂ ਨੇ ਇਸ ਮੌਕੇ ਜਿੱਥੇ ਲੋਕ ਮੁਸ਼ਕਿਲਾਂ ਸੁਣਦਿਆਂ ਉਨਾਂ ਦੇ ਜਲਦ ਹੱਲ ਦਾ ਯਕੀਨ ਦਵਾਇਆ ਉੱਥੇ ਉਨਾਂ ਨੇ ਹਲਕੇ ਨੂੰ ਵਿਕਾਸ ਪੱਖੋਂ ਫਾਡੀ ਬਣਾਉਣ ਤੇ 'ਆਪ' ਸਰਕਾਰ ਨੂੰ ਘੇਰਿਆ। ਗੁਰਬਾਜ਼ ਸਿੰਘ ਸਿੱਧੂ ਵੱਲੋਂ ਪਿੰਡਾਂ ਦਾ ਦੌਰਾ ਕਰਦਿਆਂ ਕਾਂਗਰਸੀ ਵਰਕਰਾਂ ਤੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਲਵਾਉਣ ਦੀ ਲੜੀ ਤਹਿਤ ਉਨਾਂ ਨੇ ਸਿੱਧੂ ਪਰਿਵਾਰ ਦੇ ਕਰੀਬੀ ਤੇ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਦੇ ਮੈਂਬਰ ਐਡਵੋਕੇਟ ਗੁਰਤੇਜ ਸਿੰਘ ਭਾਗੀਵਾਂਦਰ ਦੇ ਪਿਤਾ ਨਮਿਤ ਅੰਤਿਮ ਅਰਦਾਸ 'ਚ ਸ਼ਮੂਲੀਅਤ ਕੀਤੀ। ਪਿੰਡਾਂ ਦੇ ਦੌਰੇ ਉਪਰੰਤ ਗੱਲਬਾਤ ਦੌਰਾਨ ਉਨਾਂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦਾ ਪੰਜਾਬ ਸਿਰਜਣ ਤੇ ਰੰਗਲਾ ਪੰਜਾਬ ਬਣਾਉਣ ਦੇ ਨਾਅਰਿਆਂ ਨਾਲ ਸੱਤਾ ਤੱਕ ਪਹੁੰਚੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਨੁਮਾਇੰਦਿਆਂ ਨੇ ਜਿੱਤਣ ਤੋਂ ਬਾਅਦ ਨਾ ਲੋਕਾਂ ਦੀ ਸਾਰ ਲਈ ਤੇ ਨਾ ਵਿਕਾਸ ਵੱਲ ਹੀ ਕੋਈ ਧਿਆਨ ਦਿੱਤਾ।ਉਨਾਂ ਕਿਹਾ ਕਿ ਹਲਕਾ ਤਲਵੰਡੀ ਸਾਬੋ ਦੇ ਪਿੰਡ/ਸ਼ਹਿਰ ਪਿਛਲੇ ਕਰੀਬ ਪੌਣੇ ਚਾਰ ਸਾਲ 'ਚ ਵਿਕਾਸ ਪੱਖੋਂ ਲਗਾਤਾਰ ਪਛੜ ਰਹੇ ਹਨ ਕਿਉਂਕਿ ਪੰਚਾਇਤਾਂ ਨੂੰ ਗ੍ਰਾਂਟ ਦੇ ਨਾਂ 'ਤੇ ਕੁਝ ਨਹੀ ਮਿਲਿਆ। ਉਨਾਂ ਕਿਹਾ ਕਿ ਹਲਕੇ ਦੇ ਦੋਵਾਂ ਨਗਰਾਂ ਤਲਵੰਡੀ ਸਾਬੋ ਤੇ ਰਾਮਾਂ ਮੰਡੀ ਦੇ ਲੋਕ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਕੋਲ ਗੁਹਾਰ ਲਗਾ ਰਹੇ ਹਨ ਪਰ ਸਰਕਾਰ ਦੇ ਨੁਮਾਇੰਦੇ ਗੂੜ੍ਹੀ ਨੀਂਦ ਸੌਂ ਗਏ ਲੱਗਦੇ ਹਨ।ਉਨਾਂ ਨੇ 'ਆਪ' ਸਰਕਾਰ ਨੂੰ ਫੇਲ੍ਹ ਕਰਾਰ ਦਿੱਤਾ। ਸਿੱਧੂ ਨਾਲ ਇਸ ਮੌਕੇ ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਐਡਵੋਕੇਟ ਰਣਦੀਪ ਸਿੰਘ ਚੱਠਾ, ਬਚਿੱਤਰ ਸਿੰਘ ਸਾਬਕਾ ਉਪ ਚੇਅਰਮੈਨ ਮਾਰਕਿਟ ਕਮੇਟੀ, ਚਰਨਾ ਸਿੰਘ ਭਾਗੀਵਾਂਦਰ, ਜਗਤਾਰ ਸਿੰਘ ਨੰਬਰਦਾਰ, ਡੂੰਗਰ ਸਿੰਘ ਸੀਂਗੋ, ਬਲਕਰਨ ਸਿੰਘ ਭਾਗੀਵਾਂਦਰ, ਹਰਜਿੰਦਰ ਸਿੰਘ ਜਿੰਦਾ ਜੀਵਨ ਸਿੰਘ ਵਾਲਾ, ਕ੍ਰਿਸ਼ਨ ਯਾਦਵ, ਸੁਰਜੀਤ ਸ਼ਿੰਦੀ ਜਗਾ, ਮਨਪ੍ਰੀਤ ਧਾਲੀਵਾਲ ਸ਼ੇਖਪੁਰਾ, ਹਰਪਾਲ ਪੰਚ ਗਾਟਵਾਲੀ, ਸੇਵਕ ਤੰਗਰਾਲੀ, ਗੁਰਾਂਦਿੱਤਾ ਸਿੰਘ ਸੀਂਗੋ, ਪ੍ਰਕਾਸ਼ ਸਿੰਘ ਬਿੱਟੂ ਆਦਿ ਮੌਜੂਦ ਨਜ਼ਰ ਆਏ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲੀ ਦਲ ਦੀ ਚੜ੍ਹਦੀਕਲਾ

ਅੱਜ ਮੈਨੂੰ ਮਾਲੇਰਕੋਟਲਾ ਹਲਕੇ ਦੀ ਕਮਾਨ ਸੰਭਾਲੇ ਹੋਏ ਤਿੰਨ ਸਾਲ ਪੂਰੇ ਹੋ ਚੁੱਕੇ ਹਨ। ਸ. ਸੁਖਬੀਰ ਸਿੰਘ ਬਾਦਲ 11 ਜਨਵਰੀ 2023 ਨੂੰ ਮੈਨੂੰ ਸਾਡੇ ਹਲਕੇ ਵਿਚ ਪੁੱਜ ਕੇ ਹਲਕੇ ਦਾ ਸੇਵਾਦਾਰ ਨਿਯੁਕਤ ਕਰਕੇ ਗਏ ਸਨ। ਉਸ ਦਿਨ ਤੋਂ ਮੈਂ ਇਮਾਨਦਾਰੀ ਅਤੇ ਨਿੱਡਰਤਾ ਨਾਲ ਸਖ਼ਤ ਮਿਹਨਤ ਕੀਤੀ ਹੈ। ਉਸੇ ਦਾ ਨਤੀਜਾ ਮੈਨੂੰ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿਚ ਮਿਲਿਆ ਹੈ। ਸਾਡੀ ਪਾਰਟੀ ਨੂੰ ਬਲਾਕ ਸੰਮਤੀ ਵਿਚੋਂ ਸਭ ਤੋਂ ਵੱਧ ਸੀਟਾਂ ਮਿਲੀਆਂ ਹਨ ਤੇ ਚੇਅਰਮੈਨ ਵੀ ਅਕਾਲੀ ਦਲ ਦਾ ਹੀ ਬਣਗੇ। 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਾਲੇ ਸਮੇਂ ਨੂੰ ਮੈਂ ਅਪਣੇ ਲਈ ਇਕ ਗੰਭੀਰ ਚੁਣੌਤੀ ਸਮਝਦੀ ਹੋਈ ਅਪਣਾ ਇਰਾਦਾ ਹੋਰ ਮਜ਼ਬੂਤ ਕਰਦੀ ਹਾਂ ਅਤੇ ਅਹਿਦ ਲੈਂਦੀ ਹਾਂ ਕਿ ਨਗਰ ਕੌਂਸਲ ਚੋਣਾਂ ਪੂਰੀ ਤਾਕਤ, ਸ਼ਿੱਦਤ ਅਤੇ ਪੂਰੀ ਮਿਹਨਤ ਨਾਲ ਲੜਾਂਗੀ। ਮੇਰੀ ਖ਼ਾਹਿਸ਼ ਹੈ ਕਿ ਨਗਰ ਕੌਂਸਲ ਉਤੇ ਸਾਡੇ ਸ਼ਹਿਰ ਦੇ ਨੌਜੁਆਨਾਂ ਦਾ ਪਰਚਮ ਲਹਿਰਾਏ ਅਤੇ ਉਹ ਅਪਣੇ ਵਾਰਡਾਂ ਦਾ ਖ਼ੁਦ ਵਿਕਾਸ ਕਰਨ। ਅਕਾਲੀ ਦਲ ਨਾਲ ਬੇਸ਼ੁਮਾਰ ਨੌਜੁਆਨ ਜੁੜੇ ਹਨ ਅਤੇ ਨਿੱਤ ਦਿਨ ਜੁੜਦੇ ਵੀ ਜਾ ਰਹੇ ਹਨ। ਮੈਂ ਹੋਰ ਨੌਜੁਆਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪਲੇਟਫ਼ਾਰਮ ਉਤੇ ਆਉਣ ਦਾ ਖੁੱਲ੍ਹਾ ਸੱਦਾ ਦਿੰਦੀ ਹਾਂ। ਮੈਂ ਹਮੇਸ਼ਾ ਹਰ ਪੁਰਾਣੇ ਅਕਾਲੀ ਆਗੂ ਅਤੇ ਵਰਕਰ ਨੂੰ ਵੀ ਨਾਲ ਲੈ ਕੇ ਚੱਲਣ ਦੀ ਕੋਸ਼ਿਸ਼ ਕੀਤੀ ਹੈ। ਮੈਂ ਅੱਜ ਵੀ ਅਕਾਲੀ ਦਲ ਦੇ ਸਾਰੇ ਖ਼ੈਰ ਖ਼ੁਆਹ ਲੋਕਾਂ ਨੂੰ ਤੱਕੜੀ ਦੇ ਨਿਸ਼ਾਨ ਹੇਠ ਇਕਜੁਟ ਹੋਣ ਦਾ ਸੱਦਾ ਦਿੰਦੀ ਹਾਂ। ਇਹ ਪਾਰਟੀ ਸਾਡੇ ਬਜ਼ੁਰਗਾਂ ਦੇ ਖ਼ੂਨ ਪਸੀਨੇ ਨਾਲ ਕਮਾਈ ਹੋਈ ਪਾਰਟੀ ਹੈ। ਪੰਜਾਬ ਦਰਦੀਆਂ ਨੂੰ ਇਸ ਤੋਂ ਵਧੀਆ ਮੰਚ ਹੋਰ ਕੋਈ ਨਹੀਂ ਮਿਲ ਸਕਦਾ। ਮੇਰੇ ਇਕ ਪ੍ਰਸ਼ੰਸਕ ਨੇ ਪੋਸਟ ਕੀਤੀ ਤਸਵੀਰ ਭੇਜ ਕੇ ਅਪੀਲ ਕੀਤੀ ਸੀ ਕਿ ਮੈਂ ਇਸ ਨੂੰ ਅਪਣੇ ਪੇਜ ਉਤੇ ਪੋਸਟ ਕਰਾਂ। ਲਿਹਾਜ਼ਾ, ਪੋਸਟ ਕਰ ਰਹੀ ਹਾਂ। ਇਹ ਤਸਵੀਰ ਅਕਾਲੀ ਦਲ ਦੀ ਚੜ੍ਹਦੀਕਲਾ ਦੀ ਪ੍ਰਤੀਕ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

**-ਜ਼ਾਹਿਦਾ ਸੁਲੇਮਾਨ**
**ਜਨਰਲ ਸਕੱਤਰ, ਸ਼੍ਰੋਮਣੀ ਅਕਾਲੀ ਦਲ, ਹਲਕਾ ਇੰਚਾਰਜ ਮਾਲੇਰਕੋਟਲਾ।**

# ਸ੍ਰੀ ਦਰਬਾਰ ਸਾਹਿਬ 'ਤੇ ਬਣੇ ਕਾਰਟੂਨ ਨੂੰ ਲੈਕੇ ਅਕਾਲੀਆਂ ਨੇ ਘੇਰੀ 'ਆਪ'

**ਚੰਡੀਗੜ੍ਹ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਨੇ ਆਮ ਆਦਮੀ ਪਾਰਟੀ ਦੇ ਆਈਟੀ ਸੈੱਲ 'ਤੇ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਦਾ ਦੋਸ਼ ਲਾਇਆ ਹੈ। ਸੋਸ਼ਲ ਮੀਡੀਆ 'ਤੇ ਟਵੀਟ ਕਰਦਿਆਂ ਹੋਇਆਂ ਸ਼੍ਰੋਮਣੀ ਅਕਾਲੀ ਦਲ ਨੇ ਕਿਹਾ ਕਿ 'ਆਪ' ਦੇ ਆਈ.ਟੀ. ਸੈੱਲ ਦੀ ਇੱਕ ਹੋਰ ਘਟੀਆ ਕਰਤੂਤ ਹੁਣ ਸ੍ਰੀ ਦਰਬਾਰ ਸਾਹਿਬ ਦੀ ਕੀਤੀ ਬੇਅਦਬੀ ਹੈ। ਦਿੱਲੀ ਤੋਂ ਚੱਲਦੀ ਇਹ ਪਾਰਟੀ ਆਏ ਦਿਨ ਸਾਡੇ ਗੁਰੂ ਸਹਿਬਾਨ ਅਤੇ ਸਾਡੇ ਧਾਰਮਿਕ ਸਥਾਨਾਂ ਦਾ ਮਜ਼ਾਕ ਬਣਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਅਤੇ ਸੁਖਬੀਰ ਸਿੰਘ ਬਾਦਲ ਨੂੰ ਝੂਠਾ ਬਦਨਾਮ ਕਰਨ ਲਈ ਇਹ ਪਾਪ ਪਾਰਟੀ ਇੰਨ੍ਹੀ ਹੇਠਾਂ ਡਿੱਗ ਚੁੱਕੀ ਹੈ ਕਿ ਇਹ ਸਾਡੇ ਗੁਰੂ ਸਹਿਬਾਨ ਦਾ ਨਿਰਾਦਰ ਕਰਨ ਤੋਂ ਵੀ ਗੁਰੇਜ਼ ਨਹੀਂ ਕਰ ਰਹੀ। ਕੋਈ ਵੀ ਗੁਰੂ ਦਾ ਸਿੱਖ ਸ੍ਰੀ ਦਰਬਾਰ ਸਾਹਿਬ ਦੀ ਅਜਿਹੀ ਕਾਰਟੂਨ ਫੋਟੋ ਬਣਾ ਨਿਰਾਦਰ ਨਹੀਂ ਕਰ ਸਕਦਾ ਇਹ ਮਨੀਸ਼ ਸੀਸੋਦੀਏ ਜਿਹੇ ਸਾਮ ਦਾਮ ਦੰਡ ਭੇਦ ਦੀ ਨੀਤੀ 'ਤੇ ਚੱਲਣ ਵਾਲੇ ਆਗੂਆਂ ਵੱਲੋਂ ਕੀਤਾ ਜਾ ਰਿਹਾ ਹੈ। ਪਹਿਲਾਂ ਵੀ ਆਪ ਆਗੂਆਂ ਨੇ ਪੰਜਾਬ ਵਿੱਚ ਬੇਅਦਬੀਆਂ ਕਰਵਾਈਆਂ ਤੇ ਅਦਾਲਤਾਂ ਤੋਂ ਸਜ਼ਾਵਾਂ ਵੀ ਮਿਲੀਆਂ, ਪਰ ਹੁਣ 2027 ਨੇੜੇ ਆਉਂਦਾ ਦੇਖ ਫਿਰ ਬੌਖਲਾਈ ਆਪ ਪਾਰਟੀ ਬੇਅਦਬੀਆਂ ਕਰ ਰਹੀ ਹੈ। ਇਸਦਾ ਸੋਸ਼ਲ ਮੀਡੀਆ ਝੂਠੀਆਂ ਵੀਡੀਓ ਅਤੇ ਪੋਸਟਰ ਬਣਾ ਕੇ ਵਾਇਰਲ ਕਰ ਰਿਹਾ ਹੈ ਤਾਂ ਜੋ ਸੰਗਤਾਂ ਨੂੰ ਗੁਮਰਾਹ ਕਰ ਸਕਣ। ਸ਼੍ਰੋਮਣੀ ਅਕਾਲੀ ਦਲ ਇਸ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰੇਗਾ ਤੇ ਦੋਸ਼ੀਆਂ ਨੂੰ ਸਜ਼ਾਵਾਂ ਦੁਆਵੇਗਾ।

### ਸੀਐਮ ਭਗਵੰਤ ਮਾਨ ਸਿੱਖ ਪੰਥ ਵਿਚ ਦਖਲਅੰਦਾਜ਼ੀ ਕਰੇ ਬੰਦ ਨਹੀਂ ਤਾਂ

# ਵਿਦੇਸ਼ਾਂ ਵਿਚ ਹੋਵੇਗਾ ਭਾਰੀ ਵਿਰੋਧ: ਕੈਨੇਡੀਅਨ ਸਿੱਖ



**ਨਵੀਂ ਦਿੱਲੀ 11 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਦੇ ਮੁੱਖਮੰਤਰੀ ਭਗਵੰਤ ਮਾਨ ਨੂੰ ਅਕਾਲ ਤਖਤ ਸਕੱਤਰੇਤ ਵਿਖ਼ੇ ਇਕ ਵੀਡੀਓ ਮਸਲੇ ਤੇ ਤਲਬ ਕੀਤੇ ਜਾਣ ਤੋਂ ਬਾਅਦ ਸਿਆਸਤ ਬਹੁਤ ਭਖ ਗਈ ਹੈ ਤੇ ਭਗਵੰਤ ਮਾਨ ਵਲੋਂ ਇਸ ਮਸਲੇ ਤੇ ਪੇਸ਼ੀ ਮੌਕੇ ਲਾਈਵ ਟੈਲੀਕਾਸਟ ਦੀ ਮੰਗ ਕੀਤੀ ਗਈ ਹੈ ।ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਕੈਨੇਡੀਅਨ ਸਿੱਖਾਂ ਨੇ ਵੀ ਇੰਨ੍ਹਾ ਹਾਲਾਤਾਂ ਨੂੰ ਅਤਿ ਗੰਭੀਰ ਦਸਦਿਆਂ ਭਗਵੰਤ ਮਾਨ ਨੂੰ ਚੇਤਾਵਨੀ ਦੇਦਿਆਂ ਕਿਹਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਤੁਹਾਨੂੰ ਤਲਬ ਕਰਨਾ ਕੋਈ ਆਮ ਜਾਂ ਰਸਮੀ ਪ੍ਰਕਿਰਿਆ ਨਹੀਂ ਹੈ, ਸਗੋਂ ਤੁਹਾਡੇ ਉਪਰ ਸਿੱਖ ਸੰਪਰਦਾ ਦੀ ਸਰਵਉੱਚ ਤਖ਼ਤ ਸੰਸਥਾ ਅਤੇ ਸਿੱਖ ਰਹਿਤ ਮਰਿਆਦਾ ਪ੍ਰਤੀ ਕਥਿਤ ਨਿਰਾਦਰ ਦਾ ਇੱਕ ਅਸਾਧਾਰਨ ਅਤੇ ਗੰਭੀਰ ਦੋਸ਼ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿਸੇ ਵੀ ਦੇਸ਼ ਦੀ ਅਦਾਲਤ ਅੰਦਰ ਚਲ ਰਹੇ ਮਾਮਲੇ ਦਾ ਕਦੇ ਲਾਈਵ ਟੈਲੀਕਾਸਟ ਨਹੀਂ ਹੁੰਦਾ ਤੇ ਅਕਾਲ ਤਖਤ ਸਾਹਿਬ ਸਿੱਖ ਪੰਥ ਦੀ ਸੁਪਰੀਮ ਅਦਾਲਤ ਹੀ ਹੈ ਪਰ ਤੁਸੀਂ ਅਭਿਆਸੀ ਸਿੱਖ ਹੋ ਇਸ ਲਈ ਤੁਹਾਨੂੰ ਅਕਾਲ ਤਖਤ ਸਾਹਿਬ ਦੇ ਸਕੱਤਰੇਤ ਵਿਖ਼ੇ ਤੁਹਾਡੇ ਵਲੋਂ ਕੀਤੀ ਗਈ ਕੋਤਾਹੀ ਦਾ ਪੱਖ ਰੱਖਣ ਲਈ ਸੱਦਿਆ ਗਿਆ ਹੈ ਇਸ ਲਈ ਲਾਈਵ ਟੈਲੀਕਾਸਟ ਦੀ ਮੰਗ ਬੇਲੋੜੀ ਹੈ ।ਉਨ੍ਹਾਂ ਕਿਹਾ ਮਸਲਾ ਭਾਵੇਂ ਬੇਅਦਬੀ ਦਾ ਹੋਵੇ ਜਾਂ ਮਸਲਾ 328 ਪਾਵਨ ਸਰੂਪਾਂ ਦਾ ਹੋਵੇ ।ਸਿੱਖ ਵਿਰੋਧੀ ਹਮੇਸ਼ਾ ਅਜਿਹੇ ਸਮੇਂ ਦੀ ਉਡੀਕ ਕਰਦੇ ਹਨ ਅਤੇ ਉਸ ਦੀ ਆੜ ਵਿੱਚ ਆਪਣੀ ਰਾਜਨੀਤੀਕ ਖੇਡ ਖੇਡ ਜਾਂਦੇ ਹਨ । ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਸ਼ਬਦ ਅਤੇ ਆਚਰਣ ਸਿੱਖ ਭਾਈਚਾਰੇ ਨੂੰ ਡੂੰਘਾ ਠੇਸ ਪਹੁੰਚਾਉਣ ਲਈ ਕਾਫ਼ੀ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਤਰ੍ਹਾਂ ਦੀ ਕਾਮੇਡੀ, ਨਸ਼ਾ ਜਾਂ ਹੰਕਾਰ ਸਿੱਖ ਧਰਮ ਦੇ ਸਰਵਉੱਚ ਅਸਥਾਈ ਅਧਿਕਾਰ ਦਾ ਨਿਰਾਦਰ ਕਰਨ ਨੂੰ ਜਾਇਜ਼ ਨਹੀਂ ਠਹਿਰਾ ਸਕਦਾ। ਇੱਕ ਮੁੱਖ ਮੰਤਰੀ ਜੋ ਧਰਮ ਦਾ ਮਜ਼ਾਕ ਉਡਾਉਂਦਾ ਹੈ, ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰਦਾ ਹੈ, ਅਤੇ ਫਿਰ ਸੰਵਿਧਾਨਕ ਅਹੁਦੇ ਦੀ ਆੜ ਵਿੱਚ ਜਵਾਬਦੇਹੀ ਤੋਂ ਬਚਦਾ ਹੈ ।ਉਨ੍ਹਾਂ ਕਿਹਾ ਭਗਵੰਤ ਮਾਨ ਨੇ ਚਾਰ ਸਾਲ ਆਹੀ ਕੁੱਝ ਕਰਦੇ ਕੱਢ ਦਿੱਤੇ, ਓਹ ਦੱਸੇ ਕਿ ਇਸ ਵਿਚ ਪੰਜਾਬ ਦਾ ਕੀ ਭਲਾ ਹੋਇਆ. ? ਸਗੋਂ ਪੰਜਾਬ ਗਲ੍ਹ ਤੱਕ ਕਰਜ਼ੇ ਵਿੱਚ ਡਬੋ ਦਿੱਤਾ ਗਿਆ ਹੈ। ਹਰ ਪਾਸੇ ਲੁੱਟ, ਕਤਲ, ਫਰੋਤੀ ਦਾ ਤਾਂਡਵ ਚੱਲ ਰਿਹਾ ਹੈ, ਬੇਗੁਨਾਹ ਸਿੱਖ ਨੌਜੁਆਨਾਂ ਨੂੰ ਜੇਲ੍ਹਾਂ ਵਿਚ ਡਕਿਆ ਜਾ ਰਿਹਾ ਹੈ ਜਿਸ ਨੂੰ ਰੋਕਣ ਵਿਚ ਨਾਕਾਮਯਾਬ ਰਹਿਣ ਤੇ ਭਗਵੰਤ ਮਾਨ ਹੁਣ ਸਿੱਖ ਧਰਮ ਤੇ ਸ੍ਰੀ ਅਕਾਲ ਤੱਖਤ ਸਾਹਿਬ ਨੂੰ ਦਿੱਲੀ ਦੇ ਇਸਾਰੇ ਤੇ ਬਦਨਾਮ ਕਰਣ ਦੀ ਖੇਡ, ਖੇਡ ਰਿਹਾ ਹੈ ।ਉਨ੍ਹਾਂ ਇਸਨੂੰ ਸੱਤਾ ਦੀ ਦੁਰਵਰਤੋਂ ਕਰਾਰ ਦੇਂਦਿਆਂ ਭਗਵੰਤ ਮਾਨ ਕੋਲੋਂ ਤੁਰੰਤ ਅਸਤੀਫੇ ਦੀ ਮੰਗ ਕਰਦਿਆਂ ਕਿਹਾ ਕਿ ਜ਼ੇਕਰ ਓਹ ਸਿੱਖ ਧਰਮ ਵਿਚ ਦਖਲਅੰਦਾਜ਼ੀ ਬੰਦ ਤੋਂ ਬਾਜ਼ ਨਹੀਂ ਆਇਆ ਤਾਂ ਵਿਦੇਸ਼ਾਂ ਅੰਦਰ ਓਸਦੀ ਆਮਦ ਉਪਰ ਓਸਦਾ ਭਾਰੀ ਵਿਰੋਧ ਕੀਤਾ ਜਾਏਗਾ । ਇਸ ਮੌਕੇ ਭਾਈ ਗੁਰਮੀਤ ਸਿੰਘ ਤੁਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ ਖਾਲਸਾ, ਕਰਨੈਲ ਸਿੰਘ ਟੁੱਟ, ਭਾਈ ਰਣਜੀਤ ਸਿੰਘ, ਭਾਈ ਸੁਖਬੀਰ ਸਿੰਘ ਕਰਮੀਸ ਵਾਲੇ, ਭਾਈ ਰਜਿੰਦਰ ਨੱਤ ਸਿੰਘ, ਭਾਈ ਜੈਗ ਸਿੱਧੂ ਭਾਈ ਦਲਜੀਤ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਅਜੈਪਾਲ ਸਿੰਘ ਸਮੇਤ ਵਡੀ ਗਿਣਤੀ ਵਿਚ ਦਰਦਮੰਦ ਸਿੱਖ ਹਾਜ਼ਿਰ ਸਨ ।

### ਬਰਜਿੰਦਰ ਸਿੰਘ ਹਮਦਰਦ ਦਾ

# ਅਕਾਲੀਦਲ ਪੁਨਰਸੁਰਜੀਤ ਦੇ ਮੁੱਖ ਦਫਤਰ ਹੋਇਆ ਵਿਸ਼ੇਸ਼ ਸਨਮਾਨ




**ਅੰਮ੍ਰਿਤਸਰ, 11 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਮਿੱਤੀ 11 ਜਨਵਰੀ ਸ਼੍ਰੋ ਅਕਾਲੀਦਲ ਪੁਨਰਸੁਰਜੀਤ ਦੇ ਮੁੱਖ ਦਫਤਰ ਸਿਟੀ ਸੈਂਟਰ ਅੰਮ੍ਰਿਤਸਰ ਸਾਹਿਬ ਵਿਖੇ ਸ੍ਰ ਬਰਜਿੰਦਰ ਸਿੰਘ ਹਮਦਰਦ ਮੁੱਖ ਸੰਪਾਦਕ ਅਜੀਤ ਅਖਬਾਰ ਦੇ ਪਹੁੰਚਣ ਤੇ ਪੁਨਰਸੁਰਜੀਤ ਦੱਲ ਦੀ ਸ਼ਹਿਰੀ ਅਤੇ ਦੇਹਾਤੀ ਲੀਡਰਸ਼ਿਪ ਸ਼ਿਪ ਵੱਲੋ ਸਿਰੋਪੇ ਪਾ ਕੇ ਫੁੱਲਾ ਦੇ ਗੁਲਦਸਤੇਆ ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਗੱਲਬਾਤ ਦੌਰਾਨ ਸ੍ਰ ਹਮਦਰਦ ਨੇ ਪੁਨਰਸੁਰਜੀਤ ਅਕਾਲੀਦਲ ਨੂੰ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਅਤੇ ਧਾਰਮਿਕ ਵਿਚਾਰਾ ਕਰਨ ਉਪਰੰਤ ਪੰਥਕ ਏਕਤਾ ਲਈ ਉਪਰਾਲਾ ਕਰਨ ਲਈ ਵੀ ਸਹਿਯੋਗ ਦੇਣ ਲਈ ਆਖਿਆ ਸ੍ਰ ਹਮਦਰਦ ਅੱਜ ਅਜੀਤ ਅਖਬਾਰ ਦੇ ਅੰਮ੍ਰਿਤਸਰ ਸਾਹਿਬ ਬ੍ਰਾਂਚ ਦੇ ਇੰਨਚਾਰਜ ਸ੍ਰ ਜਸਬੀਰ ਸਿੰਘ ਜੱਸ ਦੀ ਬੇਟੀ ਦੇ ਵਿਆਹ ਸਮਾਰੋਹ ਵਿੱਚ ਆਏ ਸਨ ਇਸ ਮੌਕੇ ਅਜੇਪਾਲ ਸਿੰਘ ਮੀਰਾਂਕੋਟ EX MLA, ਐਡਵੋਕੇਟ ਜਸਬੀਰ ਸਿੰਘ ਘੁੰਮਣ, ਰਘਬੀਰ ਸਿੰਘ ਰਾਜਾਸ਼ਾਸ਼ੀ, ਮਨਿੰਦਰ ਸਿੰਘ ਧੂੰਨਾ ਪ੍ਰਧਾਨ ਜੱਥਾ ਅੰਮ੍ਰਿਤਸਰ ਸ਼ਹਿਰੀ ਦਲਜਿੰਦਰਬੀਰ ਸਿੰਘ ਵਿਰਕ ਪ੍ਰਧਾਨ ਜੱਥਾ ਅੰਮ੍ਰਿਤਸਰ ਦਿਹਾਤੀ ਹਰਜੀਤ ਸਿੰਘ ਪੁਰੇਵਾਲ, ਕਮਲਜੀਤ ਸਿੰਘ, ਸ੍ਰ ਬਿਅੰਤ ਸਿੰਘ ਭਰਾਤਾ ਸ਼ਹੀਦ ਜਨਰਲ ਸ਼ਬੇਗ ਸਿੰਘ, ਕੁਲਜੀਤ ਸਿੰਘ ਬ੍ਰਦਰ, ਜਗਜੀਤ ਸਿੰਘ ਕੋਹਲੀ,ਗੁਰਲਾਲ ਸਿੰਘ ਸੰਧੂ, ਸੁਰਿੰਦਰ ਸਿੰਘ ਝਬਾਲ, ਅਮਨਦੀਪ ਸਿੰਘ, ਪ੍ਰਦੀਪ ਸ਼ਰਮਾ ਤੇ ਹੋਰ ਲੀਡਰਸ਼ਿਪ ਸਾਥੀਆ ਸਮੇਤ ਸ਼ਾਮਲ ਸਨ, ਇਕਬਾਲ ਸਿੰਘ ਤੁੰਗ ਅੰਮ੍ਰਿਤਸਰ ਸਾਹਿਬ ਆਦਿ ਹਾਜ਼ਰ ਸਨ।





## ਸਤਿਕਾਰਯੋਗ ਭਾਈ ਕੰਵਰ ਸਿੰਘ ਜੀ ਧਾਮੀ ਅਕਾਲ ਆਸਰਾ ਵਾਲਿਆਂ ਦੇ ਅਕਾਲ ਚਲਾਣਾ ਕਰ ਜਾਣ ਤੇ ਅਸੀਂ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਹਮਦਰਦੀ ਪ੍ਰਗਟ



**ਸਤਿਕਾਰਯੋਗ ਭਾਈ ਕੰਵਰ ਸਿੰਘ ਜੀ ਧਾਮੀ ਅਕਾਲ ਆਸਰਾ ਵਾਲਿਆਂ ਦੇ ਅਕਾਲ ਚਲਾਣਾ ਕਰ ਜਾਣ ਤੇ ਅਸੀਂ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਹਮਦਰਦੀ ਪ੍ਰਗਟ ਕਰਦੇ ਹਾਂ ।**

ਭਾਈ ਕੰਵਰ ਸਿੰਘ ਜੀ ਧਾਮੀ ਦਾ ਮੌਜੂਦਾ ਸਿੱਖ ਸੰਘਰਸ਼ ਵਿੱਚ ਰੋਲ, ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲ਼ਿਆਂ ਤੋਂ ਲੈ ਕੇ ਹੁਣ ਤੱਕ ਬਹੁਤ ਮਹੱਤਵਪੂਰਨ ਰਿਹਾ ਹੈ,। ਪੰਥਕ ਸੋਚ ਵਾਲੇ ਏਹੋ ਜਿਹੇ ਸਿੰਘਾਂ ਦੇ ਤੁਰ ਜਾਣ ਨਾਲ ਪੰਥ ਨੂੰ ਬਹੁਤ ਵੱਡਾ ਘਾਟਾ ਪੈਂਦਾ ਹੈ ।ਅਸੀ ਜਥੇਬੰਦੀ ਵੱਲੋ ਅਰਦਾਸ ਕਰਦੇ ਹਾਂ ਭਾਈ ਕੰਵਰ ਸਿੰਘ ਜੀ ਧਾਮੀ ਨੂੰ ਗੁਰੂ ਸਾਹਿਬ ਆਪਣੇ ਚਰਨਾ 'ਚ ਨਿਵਾਸ ਬਖਸ਼ਣ ਅਤੇ ਪ੍ਰਵਾਰ ਨੂੰ ਅਤੇ ਪੰਥ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



**ਵੱਲੋਂ : ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ**